




PANJAB TIMES

# ਪੰਜਾਬ ਟਾਈਮਜ਼

Free

ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ

Free Edition | 1 March, 2024

Europe's Leading Panjabi Weekly Since 1965









Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com


## ਪੰਜਾਬ ਵਿਧਾਨ ਸਭਾ ਦਾ ਵੱਡਾ ਫ਼ੈਸਲਾ, ਸ਼ੁਭਕਰਨ ਸਿੰਘ ਨੂੰ ਮਿਲਿਆ ਸ਼ਹੀਦ ਦਾ ਦਰਜਾ

ਅੱਜ ਪੰਜਾਬ ਵਿਧਾਨ ਸਭਾ ਬਜਟ ਸੈਸ਼ਨ ਦਾ ਪਹਿਲਾ ਦਿਨ ਹੈ। ਇਸੇ ਦੌਰਾਨ ਅੱਜ ਵਿਧਾਨ ਸਭਾ ਵੱਲੋਂ ਵੱਡਾ ਫੈਸਲਾ ਲਿਆ ਗਿਆ ਹੈ। ਕਿਸਾਨ ਅੰਦੋਲਨ ਵਿਚ ਮਾਰੇ ਗਏ ਸ਼ੁਭਕਰਨ ਨੂੰ ਸ਼ਹੀਦ ਦਾ ਦਰਜਾ ਦਿੱਤਾ ਗਿਆ ਹੈ।

ਸ਼ੁਭਕਰਨ ਤੋਂ ਇਲਾਵਾ 9 ਹੋਰਨਾਂ ਨੂੰ ਸ਼ਹੀਦ ਦਾ ਦਰਜਾ ਮਿਲਿਆ ਹੈ। ਇਸੇ ਤਰ੍ਹਾਂ ਅਗਨੀਵੀਰ ਅਜੈ ਕੁਮਾਰ, ਹਰਸਿਮਰਨ ਸਿੰਘ, ਗੁਰਪ੍ਰੀਤ ਸਿੰਘ, ਗੁੰਨੇਰ, ਜਸਪਾਲ ਸਿੰਘ ਹੋਮਗਾਰਡ ਨੂੰ ਵੀ ਮਿਲਿਆ ਸ਼ਹੀਦ ਦਾ ਦਰਜਾ ਦਿੱਤਾ ਗਿਆ ਹੈ। ਕਿਸਾਨਾਂ ਦੀ ਬਹੁਤ ਦੇਰ ਤੋਂ ਮੰਗ ਸੀ ਕਿ ਸ਼ੁਭਕਰਨ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ। 21 ਫਰਵਰੀ ਨੂੰ ਕਿਸਾਨ ਅੰਦੋਲਨ ਤੇ ਗਈ ਸੀ ਸ਼ੁਭਕਰਨ ਦੀ ਜਾਨ ਗਈ ਸੀ ਤੇ ਭਲਕੇ ਹੀ



ਸ਼ੁਭਕਰਨ ਦਾ ਅੰਤਿਮ ਸਸਕਾਰ ਕੀਤਾ ਗਿਆ ਸੀ।ਦੱਸ ਦੇਈਏ ਕਿ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਦੇ ਭਾਸ਼ਣ ਤੋਂ ਬਾਅਦ ਡਾ. ਬਲਦੇਵ ਸਿੰਘ ਰਾਜ ਚਾਵਲਾ, ਸਾਬਕਾ ਡਿਪਟੀ ਸਪੀਕਰ,ਸ. ਰਣਜੀਤ ਸਿੰਘ ਤਲਵੰਡੀ ਸਾਬਕਾ ਵਿਧਾਇਕ, ਸ. ਪ੍ਰਕਾਸ਼ ਸਿੰਘ ਗੜਦੀਵਾਲਾ ਸਾਬਕਾ ਵਿਧਾਇਕ, ਸ. ਸੋਹਣ ਸਿੰਘ ਬਾਦਲ, ਸਾਬਕਾ ਵਿਧਾਇਕ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਜ਼ਿਕਰਯੋਗ ਹੈ ਕਿ ਵਿਧਾਨ ਸਭਾ ਦੀ ਕਾਰਵਾਈ ਦੇ ਪਹਿਲੇ ਦਿਨ ਰਾਜਪਾਲ ਦਾ ਭਾਸ਼ਣ ਸ਼ੁਰੂ ਹੁੰਦੇ ਹੀ ਹੰਗਾਮਾ ਹੋ ਗਿਆ। ਇਹ ਹੰਗਾਮਾ ਕਾਂਗਰਸੀ ਵਿਧਾਇਕਾਂ ਵੱਲੋਂ ਕੀਤਾ ਗਿਆ। ਹੰਗਾਮਾ ਉਦੋਂ ਕੀਤਾ ਗਿਆ ਜਦੋਂ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਵੱਲੋਂ ਭਾਸ਼ਣ ਸ਼ੁਰੂ ਕੀਤਾ ਗਿਆ।

ਕਾਂਗਰਸੀਆਂ ਨੇ ਪਹਿਲਾਂ ਨਾਅਰੇਬਾਜ਼ੀ ਕੀਤੀ ਤੇ ਕਿਸਾਨ ਅੰਦੋਲਨ ਦਾ ਮੁੱਦਾ ਚੁੱਕਿਆ। ਰਾਜਪਾਲ ਨੇ ਉਨ੍ਹਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਨਹੀਂ ਮੰਨੇ। ਜਿਸ ਕਾਰਨ ਰਾਜਪਾਲ ਨਾਰਾਜ਼ ਹੋ ਕੇ ਵਿਚਾਲੇ ਹੀ ਭਾਸ਼ਣ ਛੱਡ ਕੇ ਚਲੇ ਗਏ।

## ਅੰਮ੍ਰਿਤਪਾਲ ਨੂੰ ਪੰਜਾਬ ਲਿਆਉਣ 'ਚ ਪੰਜਾਬ ਸਰਕਾਰ ਅੜਿੱਕਾ ਬਣ ਰਹੀ : ਭਾਈ ਰਾਮ ਸਿੰਘ

ਵਾਰਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੀ ਮਾਤਾ ਵੱਲੋਂ ਪਿਛਲੇ ਕੁਝ ਦਿਨਾਂ ਤੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਰਾਸਤੀ ਮਾਰਗ ਦੇ ਵਿੱਚ ਬੈਠ ਕੇ ਭੁੱਖ ਹੜਤਾਲ ਕੀਤੀ ਜਾ ਰਹੀ ਹੈ, ਜਿਸ ਦਾ ਸਭ ਤੋਂ ਵੱਡਾ ਕਾਰਨ ਅੰਮ੍ਰਿਤਪਾਲ ਸਿੰਘ ਵੱਲੋਂ ਡਿਬਰੂਗੜ੍ਹ ਜੇਲ੍ਹ ਦੇ ਵਿੱਚ ਭੁੱਖ ਹੜਤਾਲ ਦੱਸੀ ਜਾ ਰਹੀ ਹੈ।

ਉੱਥੇ ਹੀ ਅੰਮ੍ਰਿਤਪਾਲ ਸਿੰਘ ਦੀ ਮਾਤਾ ਨੂੰ ਮਿਲਣ ਵਾਸਤੇ ਅਲੱਗ ਅਲੱਗ ਸਿੱਖ ਜਥੇਬੰਦੀਆਂ ਦੇ ਆਗੂ ਪਹੁੰਚ ਰਹੇ ਹਨ ਅਤੇ ਉਹਨਾਂ ਨੂੰ ਹਮਾਇਤ ਵੀ ਦਿੰਦੇ ਹੋਏ ਨਜ਼ਰ ਆ ਰਹੇ ਹਨ। ਇਸੇ ਲੜੀ ਦੇ ਤਹਿਤ ਦਮਦਮੀ ਟਕਸਾਲ ਦੇ ਮੁਖੀ ਭਾਈ ਰਾਮ ਸਿੰਘ ਵੀ ਵਿਰਾਸਤੀ ਮਾਰਗ ਪਹੁੰਚੇ ਅਤੇ ਅੰਮ੍ਰਿਤਪਾਲ ਦੇ ਪਰਿਵਾਰਕ ਮੈਂਬਰਾਂ ਦੇ ਨਾਲ ਮੁਲਾਕਾਤ ਕੀਤੀ ਉਹ ਤੇ ਹੀ ਉਹਨਾਂ ਵੱਲੋਂ ਸਰਕਾਰ ਉੱਤੇ ਜੰਮ ਕੇ ਨਿਸ਼ਾਨੇ ਵੀ ਸਾਧੇ ਗਏ।

ਵਾਰਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੇ ਹੱਕ ਦੇ ਵਿੱਚ



ਹੁਣ ਕਈ ਸਿੱਖ ਜਥੇਬੰਦੀਆਂ ਦੇ ਆਗੂ ਨਿਤਦੇ ਹੋਏ ਨਜ਼ਰ ਆ ਰਹੇ ਹਨ, ਅੱਜ ਦਮਦਮੀ ਟਕਸਾਲ ਦੇ ਮੁਖੀ ਭਾਈ ਰਾਮ ਸਿੰਘ ਵੱਲੋਂ ਵੀ ਅੰਮ੍ਰਿਤਪਾਲ ਸਿੰਘ ਦੇ ਪਰਿਵਾਰਕ ਮੈਂਬਰਾਂ ਦੇ ਨਾਲ ਮੁਲਾਕਾਤ ਕਰ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਪੰਜਾਬ ਸਰਕਾਰ ਤੇ ਜੰਮ ਕੇ ਨਿਸ਼ਾਨੇ ਸਾਧੇ ਗਏ।ਭਾਈ ਰਾਮ ਸਿੰਘ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਜਦੋਂ ਉਹਨਾਂ ਵੱਲੋਂ ਇੱਥੇ ਸ਼ਿਰਕਤ ਕੀਤੀ ਗਈ ਤਾਂ ਉਹਨਾਂ ਨੂੰ ਜਾਣਕਾਰੀ ਮਿਲੀ ਐ ਕਿ ਡਿਬਰੂਗੜ੍ਹ ਜੇਲ੍ਹ ਦੇ ਵਿੱਚ ਅੰਮ੍ਰਿਤਪਾਲ ਸਿੰਘ ਹੁਰਾਂ ਤੇ ਕਾਫੀ ਤਸ਼ੱਦਦ ਢਾਇਆ ਜਾ ਰਿਹਾ ਹੈ। ਇਸ ਲੜੀ ਦੇ ਤਹਿਤ ਹੀ ਅੰਮ੍ਰਿਤਪਾਲ ਦੀ ਮਾਤਾ ਵੱਲੋਂ ਵੀ ਭੁੱਖ ਹੜਤਾਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਦੇ ਵਿੱਚ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਆਵਾਜ਼ ਚੁੱਕਣ ਦੀ ਜ਼ਰੂਰਤ ਹੈ।

ਉਹਨਾਂ ਨੇ ਸਰਕਾਰ ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪੰਜਾਬ ਦੀ ਸਰਕਾਰ ਦੋਹਰੀ ਨੀਤੀ ਅਪਣਾ ਰਹੀ ਹੈ। ਇੱਕ ਪਾਸੇ ਕਿਸਾਨਾਂ ਦੇ ਹੱਕ ਦੇ ਵਿੱਚ ਨਿਤਰਦੀ ਹੋਈ ਨਜ਼ਰ ਆ ਰਹੀ ਹੈ, ਦੂਸਰੇ ਪਾਸੇ ਪੰਜਾਬ ਦੇ ਨੌਜਵਾਨਾਂ ਨੂੰ ਕਾਲੇ ਪਾਣੀ ਵਰਗੀਆਂ ਸਜ਼ਾਵਾਂ। ਭਾਈ ਰਾਮ ਸਿੰਘ ਨੇ ਕਿਹਾ ਕਿ ਡਿਬਰੂਗੜ੍ਹ ਜੇਲ ਦੇ ਅਧਿਕਾਰੀ ਵੀ ਇਸ ਚੀਜ਼ ਨੂੰ ਮੰਨਦੇ ਹਨ ਕਿ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਸਾਥੀਆਂ ਦੀ ਤਬੀਅਤ ਠੀਕ ਨਹੀਂ ਹੈ ਅਤੇ ਉਹਨਾਂ ਨੂੰ ਇੱਥੇ ਦਾ ਮੌਸਮ ਵੀ ਠੀਕ ਨਹੀਂ ਲੱਗ ਰਿਹਾ, ਜਿਸ ਕਰਕੇ ਉਹਨਾਂ ਨੂੰ ਪੰਜਾਬ ਭੇਜਣਾ ਚਾਹੀਦਾ ਹੈ ਪਰ ਪੰਜਾਬ ਦੀ ਮੌਜੂਦਾ ਸਰਕਾਰ ਵੱਲੋਂ ਉਹਨਾਂ ਨੂੰ ਇਜਾਜ਼ਤ ਨਹੀਂ ਦਿੱਤੀ ਜਾ ਰਹੀ।ਉਹਨਾਂ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਮੱਤਭੇਦ ਛੱਡ ਕੇ ਇੱਕਜੁੱਟ ਹੋ ਕੇ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਛੁਡਾਉਣ ਵਾਸਤੇ ਆਵਾਜ਼ ਚੁੱਕਣ ਦੀ ਜਰੂਰਤ ਹੈ। ਉਹਨਾਂ ਨੇ ਕਿਹਾ ਕਿ ਅੰਮ੍ਰਿਤ ਪਾਲ ਸਿੰਘ ਦਾ ਸਿਰਫ ਇੱਕ ਹੀ ਕਸੂਰ ਸੀ ਕਿ ਉਸ ਵੱਲੋਂ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਹੋਣ ਵਾਸਤੇ ਅਤੇ ਅੰਮ੍ਰਿਤਪਾਨ ਕਰਵਾਇਆ ਜਾ ਰਿਹਾ ਸੀ।

## ਬ੍ਰਿਟਿਸ਼ ਪੀਐਮ ਰਿਸ਼ੀ ਸੁਨਕ ਨੇ ਪ੍ਰਦਰਸ਼ਨਕਾਰੀਆਂ 'ਤੇ ਸਖਤੀ ਦੇ ਦਿੱਤੇ ਹੁਕਮ

ਲੰਡਨ : ਬ੍ਰਿਟਿਸ਼ ਪੀਐਮ ਰਿਸ਼ੀ ਸੁਨਕ ਹਾਲ ਹੀ ਵਿੱਚ ਨਸਲਵਾਦ ਨੂੰ ਲੈ ਕੇ ਆਪਣੇ ਬਿਆਨਾਂ ਨੂੰ ਲੈ ਕੇ ਸੁਰਖੀਆਂ ਵਿੱਚ ਹਨ। ਭਾਰਤੀ ਮੂਲ ਦੇ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਆਪਣੇ ਦੇਸ਼ 'ਚ ਪ੍ਰਦਰਸ਼ਨਕਾਰੀਆਂ ਖਿਲਾਫ ਸਖਤ ਕਾਰਵਾਈ ਕਰਨ ਨੂੰ ਲੈ ਕੇ ਵੱਡਾ ਐਲਾਨ ਕੀਤਾ ਹੈ। ਉਸ ਨੇ ਸਪੱਸ਼ਟ ਤੌਰ 'ਤੇ ਅਜਿਹੀਆਂ ਹਦਾਇਤਾਂ ਦਿੱਤੀਆਂ ਹਨ ਤਾਂ ਜੋ ਭੀੜ-ਭੜੱਕੇ ਯਾਨੀ ਪ੍ਰਦਰਸ਼ਨਕਾਰੀਆਂ ਵਿਰੁੱਧ ਸਖ਼ਤੀ ਕੀਤੀ ਜਾ ਸਕੇ। ਇਸ ਕਾਰਨ ਬਰਤਾਨੀਆ ਦੇ ਪ੍ਰਧਾਨ ਮੰਤਰੀ ਨੇ ਪੁਲਿਸ ਮੁਖੀਆਂ ਨੂੰ 'ਮੌਬ ਸਿਸਟਮ' 'ਤੇ ਸਖ਼ਤੀ ਵਰਤਣ ਲਈ ਕਿਹਾ ਹੈ।

ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਦੇਸ਼ ਦੇ ਪੁਲਿਸ ਮੁਖੀਆਂ ਨੂੰ ਇਹ ਯਕੀਨੀ ਬਣਾਉਣ ਲਈ ਆਪਣੀਆਂ ਸਾਰੀਆਂ ਸ਼ਕਤੀਆਂ



ਦੀ ਵਰਤੋਂ ਕਰਨ ਲਈ ਕਿਹਾ ਹੈ ਕਿ ਪ੍ਰਦਰਸ਼ਨ ਭੀੜ ਦੀਆਂ ਚਾਲਾਂ ਵਿੱਚ ਨਾ ਬਦਲ ਜਾਣ। ਬ੍ਰਿਟਿਸ਼ ਭਾਰਤੀ ਨੇਤਾ ਬੁੱਧਵਾਰ ਨੂੰ ਪ੍ਰਧਾਨ ਮੰਤਰੀ ਦਫਤਰ ਅਤੇ ਸਰਕਾਰੀ ਰਿਹਾਇਸ਼ 10 ਡਾਊਨਿੰਗ ਸਟ੍ਰੀਟ ਵਿਖੇ ਇੱਕ ਮੀਟਿੰਗ ਤੋਂ ਬਾਅਦ ਬੋਲ ਰਹੇ ਸਨ। ਮੀਟਿੰਗ ਦੌਰਾਨ ਮੰਤਰੀ ਅਤੇ ਸੀਨੀਅਰ ਪੁਲਿਸ ਮੁਖੀਆਂ ਨੇ ਇੱਕ ਨਵੇਂ ਲੋਕਤੰਤਰੀ ਪੁਲਿਸਿੰਗ ਪ੍ਰੋਟੋਕੋਲ 'ਤੇ ਸਹਿਮਤੀ ਪ੍ਰਗਟਾਈ।

# ਅਮਰੀਕਾ ਵਿਚ ਰਾਸਟਰਪਤੀ ਚੋਣਾਂ ਵਿਚ ਉਪ ਰਾਸਟਰਪਤੀ ਦੇ ਅਹੁਦੇ ਦੀ ਨਾਮਜਦਗੀ ਲਈ ਰਾਮਾਸਵਾਮੀ ਤੇ ਕ੍ਰਿਸਟੀ ਵਿਚਕਾਰ ਸਖਤ ਮੁਕਾਬਲਾ

ਵਾਸ਼ਿੰਗਟਨ: ਅਮਰੀਕਾ ਦੀਆਂ ਰਾਸਟਰਪਤੀ ਚੋਣਾਂ ਵਿਚ ਰਿਪ-ਬਲਿਕਨ ਪਾਰਟੀ ਵਲੋਂ ਉਪ ਰਾਸਟਰਪਤੀ ਅਹੁਦੇ ਲਈ





ਨਾਮਜਦਗੀ ਹਾਸਲ ਕਰਨ ਦੀ ਦੌੜ ਵਿਚ ਦੱਖਣੀ ਡਕੋਟਾ ਦੀ ਗਵਰਨਰ ਕ੍ਰਿਸਟੀ ਨੋਇਮ ਅਤੇ ਭਾਰਤੀ ਮੂਲ ਦੇ ਬਾਇਓਟੈਕਨਾਲੋਜੀ ਉਦਯੋਗਪਤੀ ਵਿਵੇਕ ਰਾਮਾਸਵਾਮੀ ਵਿਚਾਲੇ ਸਖਤ ਮੁਕਾਬਲਾ ਹੈ। ਜਾਣਕਾਰੀ ਮੁਤਾਬਕ 'ਕੰਜਰਵੇਟਿਵ ਪੋਲੀਟਿਕਲ ਐਕਸਨ ਕਾਨਫਰੰਸ' (ਸੀਪੀਏਸੀ) ਵਿੱਚ ਹੋਈ ਵੋਟਿੰਗ ਵਿਚ ਕ੍ਰਿਸਟੀ ਅਤੇ ਰਾਮਾਸਵਾਮੀ ਦੋਵਾਂ ਨੂੰ 15-15 ਫੀਸਦੀ ਵੋਟਾਂ ਮਿਲੀਆਂ ਹਨ। ਸਨੀਵਾਰ ਨੂੰ ਸਮਾਪਤ ਹੋਈ ਇਸ ਦੀ ਚਾਰ ਦਿਨਾਂ ਬੈਠਕ ਤੋਂ ਬਾਅਦ ਨਤੀਜਿਆਂ ਦਾ ਐਲਾਨ ਕੀਤਾ ਗਿਆ। ਰਾਮਾਸਵਾਮੀ (38) ਦਾ ਜਨਮ ਸਿਨਸਿਨਾਟੀ ਵਿੱਚ ਹੋਇਆ ਸੀ। ਉਹ ਇੱਕ ਭਾਰਤੀ ਪ੍ਰਵਾਸੀ ਜੋੜੇ ਦਾ ਬੱਚਾ ਹੈ। ਰਾਮਾਸਵਾਮੀ ਨੇ ਇਸ ਸਾਲ ਰਾਸਟਰਪਤੀ ਅਹੁਦੇ ਲਈ ਰਿਪਬਲਿਕਨ ਪਾਰਟੀ ਵੱਲੋਂ ਉਮੀਦਵਾਰੀ ਹਾਸਲ ਕਰਨ ਦੀ ਕੋਸਸਿ ਕੀਤੀ ਸੀ ਪਰ ਜਨਵਰੀ 'ਚ ਆਇਓਵਾ 'ਚ ਹੋਈ ਵੋਟਿੰਗ 'ਚ ਚੌਥੇ ਸਥਾਨ 'ਤੇ ਰਹਿਣ ਤੋਂ ਬਾਅਦ ਉਹ ਇਸ ਦੌੜ ਤੋਂ ਬਾਹਰ ਹੋ ਗਏ ਸਨ।

**2020 ਵਿਚ ਚੋਣ ਨਤੀਜਿਆਂ ਨੂੰ ਉਲਟਾਉਣ ਦੀ ਕੋਸ਼ਿਸ਼ ਦਾ ਮਾਮਲਾ**

## ਸਾਬਕਾ ਰਾਸ਼ਟਰਪਤੀ ਟਰੰਪ ਵਿਰੁੱਧ ਮੁਕੱਦਮਾ ਚਲਾਉਣ ਬਾਰੇ ਨਿਰਨਾ ਸੁਪਰੀਮ ਕੋਰਟ ਕਰੇਗੀ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਸੁਪਰੀਮ ਕੋਰਟ ਨੇ ਕਿਹਾ ਹੈ ਕਿ 2020 ਵਿਚ ਚੋਣ ਨਤੀਜੇ ਉਲਟਾਉਣ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਸਾਬਕਾ ਰਾਸ਼ਟਰਪਤੀ ਡੋਨਲਡ ਟਰੰਪ ਵਿਰੁੱਧ ਮੁਕੱਦਮਾ ਚਲਾਇਆ ਜਾ ਸਕਦਾ ਹੈ ਜਾਂ ਨਹੀਂ ਇਸ ਸਬੰਧੀ ਉਹ ਅਪ੍ਰੈਲ ਵਿਚ ਸੁਣਵਾਈ ਕਰੇਗੀ। ਸੁਪਰੀਮ ਕੋਰਟ ਦੀ ਇਸ ਸਹਿਮਤੀ ਨਾਲ ਸਾਬਕਾ ਰਾਸ਼ਟਰਪਤੀ ਵਿਰੁੱਧ ਇਸ ਸਾਲ ਨਵੰਬਰ ਵਿਚ ਹੋ ਰਹੀਆਂ ਆਮ ਚੋਣਾਂ ਤੋਂ ਪਹਿਲਾਂ ਮਾਮਲਾ ਨਿਬੜ ਜਾਣ ਦੀ ਸੰਭਾਵਨਾ ਬਣੀ ਹੈ। ਸੁਪਰੀਮ ਕੋਰਟ ਨੇ 22 ਅਪ੍ਰੈਲ ਤੋਂ ਸੁਣਵਾਈ ਕਰਨ ਦਾ ਫੈਸਲਾ ਕੀਤਾ ਹੈ ਕਿ ਕੀ ਕਿਸੇ ਰਾਸ਼ਟਰਪਤੀ ਵਿਰੁੱਧ ਆਪਣੇ ਕਾਰਜਕਾਲ ਦੌਰਾਨ ਕੀਤੇ ਵਿਵਹਾਰ ਕਾਰਨ ਅਪਰਾਧਕ ਦੋਸ਼ਾਂ ਤਹਿਤ ਮੁਕੱਦਮਾ ਚਲਾਇਆ ਜਾ ਸਕਦਾ ਹੈ? ਸਮਝਿਆ ਜਾਂਦਾ ਹੈ ਕਿ ਸੁਪਰੀਮ ਕੋਰਟ ਦੀ ਸਹਿਮਤੀ ਸਾਬਕਾ ਰਾਸ਼ਟਰਪਤੀ ਦੀ ਜਿੱਤ ਹੈ ਜਿਸ ਨੇ ਹੇਠਲੀ ਅਦਾਲਤ ਦੇ ਨਿਰਨੇ ਨੂੰ ਚੁਣੌਤੀ ਦਿੱਤੀ ਹੈ ਜਿਸ ਅਦਾਲਤ ਨੇ ਆਪਣੇ ਨਿਰਨੇ ਵਿਚ ਕਿਹਾ ਸੀ ਕਿ ਰਾਸ਼ਟਰਪਤੀ ਨੂੰ ਮੁਕੱਦਮੇ ਤੋਂ ਛੋਟ ਨਹੀਂ ਹੈ। ਸੁਪਰੀਮ ਕੋਰਟ ਦੀ ਸਹਿਮਤੀ ਉਪਰੰਤ ਟਰੰਪ ਨੇ ਸੋਸ਼ਲ ਮੀਡੀਆ ਉਪਰ ਲਿਖਿਆ ਹੈ " ਮੁਕੱਦਮੇ ਤੋਂ ਛੋਟ ਬਿਨਾਂ ਇਕ ਰਾਸ਼ਟਰਪਤੀ ਉਚਿੱਤ ਢੰਗ ਨਾਲ ਕੰਮ ਨਹੀਂ ਕਰ ਸਕਦਾ ਤੇ ਦੇਸ਼ ਦੇ ਹਿੱਤ ਵਿਚ ਨਿਰਨੇ ਨਹੀਂ ਲੈ ਸਕਦਾ।"

# ਬੰਧਕਾਂ ਦੀ ਰਿਹਾਈ 'ਤੇ ਇਜ਼ਰਾਈਲ ਜੰਗਬੰਦੀ ਲਈ ਤਿਆਰ: ਬਾਇਡਨ

ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਹੈ ਕਿ ਜੇਕਰ ਹਮਾਸ ਵੱਲੋਂ ਬੰਦੀ ਬਣਾ ਕੇ ਰੱਖੇ ਗਏ ਵਿਅਕਤੀਆਂ ਦੀ ਰਿਹਾਈ ਬਾਰੇ ਸਮਝੌਤਾ ਹੋ ਜਾਂਦਾ ਹੈ ਤਾਂ ਇਜ਼ਰਾਈਲ ਰਮਜ਼ਾਨ ਦੌਰਾਨ ਗਾਜ਼ਾ 'ਚ ਅਤਿਵਾਦੀਆਂ ਖ਼ਿਲਾਫ਼ ਹਮਲੇ ਰੋਕਣ ਲਈ ਤਿਆਰ ਹੈ। ਅਮਰੀਕਾ, ਮਿਸਰ ਤੇ ਕਤਰ ਦੇ ਵਾਰਤਾਕਾਰ ਇੱਕ ਅਜਿਹਾ ਸਮਝੌਤਾ ਕਰਾਉਣ ਦੀ ਕੋਸ਼ਿਸ਼ ਕਰ ਰਹੇ ਹਨ ਜਿਸ ਤਹਿਤ ਫਲਸਤੀਨੀ ਕੈਦੀਆਂ ਦੀ ਰਿਹਾਈ ਅਤੇ ਜੰਗ 'ਚ ਛੇ



ਹਫ਼ਤਿਆਂ ਦੀ ਜੰਗਬੰਦੀ ਬਦਲੇ ਹਮਾਸ ਕੁਝ ਬੰਦੀਆਂ ਨੂੰ ਰਿਹਾਅ ਕਰੇਗਾ। ਇਸ ਆਰਜ਼ੀ ਜੰਗਬੰਦੀ ਦੌਰਾਨ ਬਾਕੀ ਬੰਦੀਆਂ ਦੀ ਰਿਹਾਈ ਬਾਰੇ ਗੱਲਬਾਤ ਜਾਰੀ ਰਹੇਗੀ। ਅਗਲੇ ਦਿਨਾਂ ਅੰਦਰ ਜੇਕਰ ਕੋਈ ਸਮਝੌਤਾ ਹੋ ਜਾਂਦਾ ਹੈ ਤਾਂ ਜੰਗਬੰਦੀ ਦੀ ਇਸ ਮਿਆਦ ਦਰਮਿਆਨ ਰਮਜ਼ਾਨ ਵੀ ਸ਼ਾਮਲ ਹੋਵੇਗਾ। ਰਮਜ਼ਾਨ ਦਾ ਮਹੀਨਾ 10 ਮਾਰਚ ਦੇ ਨੇੜੇ ਸ਼ੁਰੂ ਹੁੰਦਾ ਹੈ।

ਬਾਇਡਨ ਨੇ ਐੱਨਬੀਸੀ ਦੇ ਇਸ ਪ੍ਰੋਗਰਾਮ ਦੌਰਾਨ ਇੰਟਰਵਿਊ 'ਚ ਕਿਹਾ, 'ਰਮਜ਼ਾਨ ਆ ਰਿਹਾ ਹੈ ਅਤੇ ਇਜ਼ਰਾਈਲੀਆਂ ਨੇ ਇੱਕ ਸਮਝੌਤਾ ਕੀਤਾ ਹੈ ਕਿ ਉਹ ਰਮਜ਼ਾਨ ਦੌਰਾਨ ਵੀ ਜੰਗੀ ਗਤੀਵਿਧੀਆਂ 'ਚ ਸ਼ਾਮਲ ਨਹੀਂ ਹੋਣਗੇ ਤਾਂ ਜੋ ਸਾਡੇ ਸਾਰੇ ਬੰਧਕਾਂ ਨੂੰ ਬਾਹਰ ਕੱਢਣ ਦਾ ਸਮਾਂ ਮਿਲ ਸਕੇ।' ਉਨ੍ਹਾਂ ਉਮੀਦ ਜ਼ਾਹਿਰ ਕੀਤੀ ਕਿ ਇਹ ਸਮਝੌਤਾ ਅਗਲੇ ਹਫ਼ਤੇ ਹੋ ਸਕਦਾ ਹੈ। ਬਾਇਡਨ ਨੇ ਹਾਲਾਂਕਿ ਜੰਗ ਖਤਮ ਕਰਨ ਦਾ ਕੋਈ ਸੱਦਾ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਜ਼ਰਾਈਲ ਨੇ ਰਾਫਾਹ 'ਤੇ ਗੋਲਾਬਾਰੀ ਘਟਾ ਦਿੱਤੀ ਹੈ। ਜ਼ਿਕਰਯੋਗ ਹੈ ਕਿ ਇਜ਼ਰਾਈਲ ਵੱਲੋਂ ਗਾਜ਼ਾ 'ਤੇ ਕੀਤੇ ਜਾ ਰਹੇ ਹਮਲਿਆਂ 'ਚ ਹੁਣ ਤੱਕ 29,700 ਲੋਕਾਂ ਦੀ ਮੌਤ ਹੋ ਚੁੱਕੀ ਹੈ ਜਿਨ੍ਹਾਂ ਵਿੱਚ ਜ਼ਿਆਦਾ ਗਿਣਤੀ ਔਰਤਾਂ ਤੇ ਬੱਚਿਆਂ ਦੀ ਹੈ।

# ਰੂਸ ਵਿਚ ਹਾਲੇ ਵੀ 20 ਭਾਰਤੀ ਫਸੇ ਹੋਏ : ਵਿਦੇਸ਼ ਮੰਤਰਾਲਾ

ਭਾਰਤੀ ਵਿਦੇਸ਼ ਮੰਤਰਾਲੇ ਨੇ ਕਿਹਾ ਹੈ ਕਿ 20 ਭਾਰਤੀ ਨਾਗਰਿਕ ਅਜੇ ਵੀ ਰੂਸ 'ਚ ਫਸੇ ਹੋਏ ਹਨ ਅਤੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਵੀਰਵਾਰ ਨੂੰ ਕਿਹਾ, ਅਸੀਂ ਇਸ ਮਾਮਲੇ ਵਿੱਚ ਪਹਿਲਾਂ ਹੀ ਦੋ ਬਿਆਨ ਜਾਰੀ ਕਰ ਚੁੱਕੇ ਹਾਂ। ਸਾਡੇ ਦੇਸ਼ ਦੇ ਨਾਗਰਿਕਾਂ ਨੂੰ ਸਾਡੀ ਸਲਾਹ ਹੈ ਕਿ ਉਹ ਜੰਗ ਦੇ ਮੈਦਾਨ ਤੋਂ ਦੂਰ ਰਹਿਣ।ਵਿਦੇਸ਼ ਮੰਤਰਾਲੇ ਨੇ 25 ਫਰਵਰੀ ਨੂੰ ਕਿਹਾ ਸੀ - ਰੂਸੀ ਫੌਜ ਵਿੱਚ ਭਰਤੀ ਹੋਏ ਕਈ ਭਾਰਤੀਆਂ ਨੂੰ ਬਚਾ ਲਿਆ ਗਿਆ ਹੈ। ਉੱਥੋਂ ਦੀ ਫੌਜ ਨੇ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ ਹੈ। ਮੰਤਰਾਲੇ ਦਾ ਇਹ ਬਿਆਨ ਯੁੱਧ ਲੜਨ ਲਈ ਯੂਕਰੇਨ ਭੇਜੇ ਗਏ ਇੱਕ ਭਾਰਤੀ ਦੀ ਮੌਤ ਤੋਂ ਬਾਅਦ ਆਇਆ ਹੈ।

ਜੈਸਵਾਲ ਨੇ ਕਿਹਾ- ਭਾਰਤ ਸਰਕਾਰ ਇਸ ਮੁੱਦੇ 'ਤੇ ਰੂਸ ਨਾਲ ਗੱਲ ਕਰ ਰਹੀ ਹੈ। ਸਾਡਾ ਦੂਤਾਵਾਸ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਦੇਖ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਨੌਕਰੀਆਂ ਲਈ ਰੂਸ ਗਏ ਕਈ ਭਾਰਤੀ ਇਸ ਸਮੇਂ ਯੂਕਰੇਨ ਵਿਰੁੱਧ ਜੰਗ ਲੜ ਰਹੇ ਹਨ। ਹੈਦਰਾਬਾਦ ਦੇ ਰਹਿਣ ਵਾਲੇ ਮੁਹੰਮਦ ਸੁਫੀਆਨ ਬਾਰੇ ਕਿਹਾ ਜਾਂਦਾ ਹੈ ਕਿ ਉਸ ਨੂੰ ਕਥਿਤ ਤੌਰ 'ਤੇ ਨੌਕਰੀ ਦੇ ਬਹਾਨੇ ਰੂਸੀ ਫੌਜ ਨਾਲ ਯੂਕਰੇਨ ਵਿਰੁੱਧ ਲੜਨ ਲਈ ਭੇਜਿਆ ਗਿਆ ਸੀ।ਇਸ ਤੋਂ ਬਾਅਦ ਸੁਫੀਆਨ ਦੇ ਪਰਿਵਾਰ ਨੇ ਭਾਰਤ ਸਰਕਾਰ ਅਤੇ ਵਿਦੇਸ਼ ਮੰਤਰਾਲੇ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਅਤੇ ਉਸ ਦੀ ਸੁਰੱਖਿਅਤ ਵਾਪਸੀ ਦੀ ਬੇਨਤੀ ਕੀਤੀ। ਪਰਿਵਾਰ ਨੇ ਇਹ ਵੀ ਕਿਹਾ ਕਿ ਇਸ ਮਾਮਲੇ ਵਿੱਚ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।



ਇਸ ਮਾਮਲੇ ਦਾ ਸਿੱਧਾ ਜ਼ਿਕਰ ਕੀਤੇ ਬਿਨਾਂ ਜੈਸਵਾਲ ਨੇ ਕਿਹਾ- ਸਾਡੀ ਜਾਣਕਾਰੀ ਮੁਤਾਬਕ 20 ਭਾਰਤੀ ਇਸ ਸਮੇਂ ਰੂਸ 'ਚ ਫਸੇ ਹੋਏ ਹਨ। ਅਸੀਂ ਇਨ੍ਹਾਂ ਲੋਕਾਂ ਨੂੰ ਵਾਪਸ ਲਿਆਉਣ ਦੀ ਪੂਰੀ ਕੋਸ਼ਿਸ਼ ਕਰ ਰਹੇ ਹਾਂ। ਅਸੀਂ ਇਸ ਬਾਰੇ ਅਧਿਕਾਰਤ ਬਿਆਨ ਜਾਰੀ ਕੀਤੇ ਹਨ, ਤੁਸੀਂ ਜ਼ਰੂਰ ਦੇਖਿਆ ਹੋਵੇਗਾ।ਫੈਸਲ ਖਾਨ ਬਾਬਾ ਵਲੌਗਸ ਨਾਂ ਦਾ ਯੂਟਿਊਬ ਚੈਨਲ ਚਲਾਉਂਦਾ ਹੈ। ਉਸਨੇ ਆਪਣੇ ਚੈਨਲ ਵਿੱਚ ਵਿਦੇਸ਼ਾਂ ਵਿੱਚ ਨੌਕਰੀਆਂ ਨਾਲ ਸਬੰਧਤ ਕਈ ਵੀਡੀਓ ਪੋਸਟ ਕੀਤੇ ਹਨ।ਬੁਲਾਰੇ ਨੇ ਅੱਗੇ ਕਿਹਾ- ਅਸੀਂ ਭਾਰਤੀ ਲੋਕਾਂ ਨੂੰ ਕਿਹਾ ਹੈ ਕਿ ਜੰਗ ਦੇ ਮੋਰਚੇ 'ਤੇ ਸਥਿਤੀ ਬਹੁਤ ਖਰਾਬ ਹੈ ਅਤੇ ਲੋਕਾਂ ਨੂੰ ਉੱਥੇ ਨਹੀਂ ਜਾਣਾ ਚਾਹੀਦਾ। ਨਵੀਂ ਦਿੱਲੀ ਅਤੇ ਮਾਸਕੋ ਭਾਰਤੀਆਂ ਦੀ ਸੁਰੱਖਿਆ ਅਤੇ ਵਾਪਸੀ ਲਈ ਮਿਲ ਕੇ ਕੰਮ ਕਰ ਰਹੇ ਹਨ।ਜੈਸਵਾਲ ਨੇ ਅੱਗੇ ਕਿਹਾ, ਇਸ ਮਾਮਲੇ ਵਿਚ ਜੋ ਵੀ ਜਾਣਕਾਰੀ ਸਾਡੇ ਕੋਲ ਆ ਰਹੀ ਹੈ, ਅਸੀਂ ਉਸ ਨੂੰ ਰੂਸੀ ਦੂਤਾਵਾਸ ਨਾਲ ਸਾਂਝਾ ਕਰ ਰਹੇ ਹਾਂ। ਇਸ ਪਹਿਲ ਦਾ ਨਤੀਜਾ ਹੈ ਕਿ ਹੁਣ ਤੱਕ ਕਈ ਭਾਰਤੀਆਂ ਨੂੰ ਬਚਾਇਆ ਜਾ ਚੁੱਕਾ ਹੈ। ਇਹ ਮਾਮਲਾ ਸਾਡੇ ਲਈ ਬਹੁਤ ਅਹਿਮ ਹੈ।

# ਕਿਸਾਨ ਅੰਦੋਲਨ 'ਚ ਸ਼ਾਮਿਲ ਹੋਣ ਵਾਲੇ ਨੌਜਵਾਨਾਂ 'ਤੇ ਹੋਵੇਗਾ ਵੱਡਾ ਐਕਸ਼ਨ

ਹਰਿਆਣਾ ਸਰਕਾਰ ਇਸ ਵਾਰ ਕਿਸਾਨੀ ਅੰਦੋਲਨ ਵਿੱਚ ਹਿੱਸਾ ਲੈ ਰਹੇ ਨੌਜਵਾਨ ਕਿਸਾਨਾਂ ਲਈ ਵੱਡੀਆਂ ਮੁਸ਼ਕਿਲਾਂ ਖੜ੍ਹੀਆਂ ਕਰਨ ਜਾ ਰਹੀ ਹੈ। ਕਾਰਨ ਇਹ

## ਪਾਸਪੋਰਟ ਤੇ ਵੀਜ਼ਾ ਕੀਤੇ ਜਾਣਗੇ ਰੱਦ

ਹੈ ਕਿ ਜਿਹੜੇ ਨੌਜਵਾਨ ਕਿਸਾਨ ਸ਼ੰਭੂ ਸਰਹੱਦ ਵੱਲ ਵਧ ਰਹੇ ਹਨ ਜਾਂ ਕਿਸੇ ਤਰ੍ਹਾਂ ਦੀ ਗੜਬੜ ਪੈਦਾ ਕਰਦੇ ਕੈਮਰੇ 'ਚ ਕੈਦ ਹੋ ਗਏ ਹਨ, ਉਨ੍ਹਾਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਕਾਰਵਾਈ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਹਰਿਆਣਾ ਸਰਕਾਰ ਅਜਿਹੇ ਲੋਕਾਂ ਦੇ ਪਾਸਪੋਰਟ ਅਤੇ ਵੀਜ਼ੇ ਰੱਦ ਕਰਨ ਦੀ ਤਿਆਰੀ ਕਰ ਰਹੀ ਹੈ।



ਦਰਅਸਲ ਹਰਿਆਣਾ ਪੁਲਿਸ ਵੱਲੋਂ ਸਰਹੱਦ 'ਤੇ ਲਗਾਏ ਗਏ ਵਿਸ਼ਾਲ ਆਈਪੀਟੀਵੀ ਕੈਮਰਿਆਂ ਅਤੇ ਡਰੋਨ ਕੈਮਰਿਆਂ ਨਾਲ ਹਰ ਚਿਹਰੇ ਨੂੰ ਕੈਦ ਕਰਕੇ ਇਸ ਦਾ ਰਿਕਾਰਡ ਪਾਸਪੋਰਟ ਦਫ਼ਤਰ ਨੂੰ ਭੇਜਣ ਦੀ ਤਿਆਰੀ ਕੀਤੀ ਜਾ ਰਹੀ ਹੈ। ਹਰਿਆਣਾ ਪੁਲਿਸ ਮੁਸੀਬਤ ਪੈਦਾ ਕਰ ਰਹੇ ਅਜਿਹੇ ਸਾਰੇ ਲੋਕਾਂ ਦੀਆਂ ਤਸਵੀਰਾਂ ਭਾਰਤੀ ਦੂਤਾਵਾਸ ਨੂੰ ਭੇਜ ਰਹੀ ਹੈ, ਤਾਂ ਜੋ ਉਨ੍ਹਾਂ ਦੀ ਪਛਾਣ ਦੇ ਨਾਲ-ਨਾਲ ਉਨ੍ਹਾਂ ਦੇ ਪਾਸਪੋਰਟ ਅਤੇ ਵੀਜ਼ੇ ਵੀ ਰੱਦ ਕੀਤੇ ਜਾ ਸਕਣ। ਦੱਸ ਦੇਈਏ ਕਿ ਅੰਬਾਲਾ ਪੁਲਿਸ ਹੁਣ ਦਿੱਲੀ ਮਾਰਚ ਨੂੰ ਲੈ ਕੇ ਉਤਸ਼ਾਹ ਵਿੱਚ ਸ਼ੰਭੂ ਬਾਰਡਰ 'ਤੇ ਪੁਲਿਸ ਦੁਆਰਾ ਲਗਾਏ ਗਏ ਬੈਰੀਕੇਡਾਂ ਨੂੰ ਤੋੜਨ ਜਾਂ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਿਸਾਨਾਂ ਦੇ ਖਿਲਾਫ ਸਖਤ ਕਾਰਵਾਈ ਕਰਨ ਜਾ ਰਹੀ ਹੈ। ਅੰਬਾਲਾ ਪੁਲਿਸ ਨੇ ਕਈ ਅਜਿਹੇ ਕਿਸਾਨਾਂ ਦੀਆਂ ਫੋਟੋਆਂ ਸਾਂਝੀਆਂ ਕੀਤੀਆਂ ਹਨ ਜੋ ਸਰਹੱਦ 'ਤੇ ਗੜਬੜ ਪੈਦਾ ਕਰਦੇ ਨਜ਼ਰ ਆ ਰਹੇ ਹਨ। ਜਾਣਕਾਰੀ ਮੁਤਾਬਕ ਅੰਬਾਲਾ ਪੁਲਸ ਹੁਣ ਇਨ੍ਹਾਂ ਫੋਟੋਆਂ ਨੂੰ ਪਾਸਪੋਰਟ ਦਫਤਰ ਦੇ ਨਾਲ-ਨਾਲ ਗ੍ਰਹਿ ਮੰਤਰਾਲੇ ਅਤੇ ਭਾਰਤੀ ਦੂਤਾਵਾਸ ਨਾਲ ਵੀ ਸਾਂਝਾ ਕਰਨ ਜਾ ਰਹੀ ਹੈ ਤਾਂ ਜੋ ਇਨ੍ਹਾਂ ਦੇ ਪਾਸਪੋਰਟ ਅਤੇ ਵੀਜ਼ੇ ਰੱਦ ਕੀਤੇ ਜਾ ਸਕਣ। ਪੁਲਿਸ ਨੇ ਸ਼ੰਭੂ ਸਰਹੱਦ 'ਤੇ ਲੱਗੇ ਕੁਆਲਿਟੀ ਪੀਟੀਟੀ ਸੀਸੀਟੀਵੀ ਕੈਮਰਿਆਂ ਅਤੇ ਡਰੋਨਾਂ ਤੋਂ ਅਜਿਹੀਆਂ ਤਸਵੀਰਾਂ ਜਾਰੀ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ।

# ਕਿਸਾਨ ਸ਼ੁਭਕਰਨ ਦਾ ਹੋਇਆ ਅੰਤਿਮ ਸੰਸਕਾਰ, ਭੁੱਬਾਂ ਮਾਰ ਰੋਇਆ ਟੱਬਰ

ਖਨੌਰੀ ਬਾਰਡਰ 'ਤੇ ਹਰਿਆਣਾ ਪੁਲਿਸ ਵੱਲੋਂ ਸੁੱਟੇ ਗਏ ਹੰਝੂ ਗੋਲੇ ਕਰਕੇ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਦਾ ਪੂਰੇ ਰੀਤੀ-ਰਿਵਾਜਾਂ ਨਾਲ ਉਸ ਦੇ ਜੱਦੀ ਪਿੰਡ ਬੱਲੋ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਅੰਤਿਮ ਸੰਸਕਾਰ ਤੋਂ ਪਹਿਲਾਂ ਸ਼ੁਭਕਰਨ ਸਿੰਘ ਦੀ ਮ੍ਰਿਤਕ ਦੇਹ ਨੂੰ ਕਿਸਾਨ ਆਗੂਆਂ ਵੱਲੋਂ ਐਂਬੂਲੈਂਸ ਰਾਹੀਂ ਖਨੌਰੀ ਬਾਰਡਰ 'ਤੇ ਅੰਤਿਮ ਦਰਸ਼ਨਾਂ ਲਈ ਲਿਜਾਇਆ ਗਿਆ ਸੀ, ਜਿੱਥੇ ਕਿਸਾਨਾਂ ਵੱਲੋਂ ਫੁੱਲਾਂ ਦੀ ਵਰਖਾ ਕੀਤੀ ਗਈ।



ਇਸ ਮਗਰੋਂ ਸ਼ੁਭਕਰਨ ਸਿੰਘ ਦੀ ਮ੍ਰਿਤਕ ਦੇਹ ਨੂੰ ਉਸ ਦੇ ਜੱਦੀ ਪਿੰਡ ਬੱਲੋ ਵਿਚ ਲਿਜਾਇਆ ਗਿਆ, ਜਿਸ ਨੂੰ ਵੇਖਦੇ ਹੀ ਉਸ ਦਾ ਪਰਿਵਾਰ ਭੁੱਬਾਂ ਮਾਰ ਰੋਇਆ। ਭੈਣਾਂ ਨੇ ਭਰੀ ਜਵਾਨੀ ਇਸ ਦੁਨੀਆ ਤੋਂ ਤੁਰ ਜਾਣ ਵਾਲੇ ਭਰਾ ਦੇ ਸਿਰ 'ਤੇ ਸਿਹਰਾ ਸਜਾ ਕੇ ਅੰਤਿਮ ਵਿਦਾਈ ਦਿੱਤੀ। ਬਹੁਤ ਹੀ ਨਮ ਅਖਾਂ ਨਾਲ ਸ਼ੁਭਕਰਨ ਨੂੰ ਅੰਤਿਮ ਵਿਦਾਈ ਦਿੱਤੀ ਗਈ। ਇਸ ਦੌਰਾਨ ਵੱਡੀ ਗਿਣਤੀ ਵਿਚ ਸ਼ੁਭਕਰਨ ਦੇ ਪਿੰਡ ਲੋਕ ਪਹੁੰਚੇ।

ਦੱਸ ਦੇਈਏ ਕਿ ਬੀਤੀ ਰਾਤ ਕਿਸਾਨ ਸ਼ੁਭਕਰਨ ਸਿੰਘ ਦੇ ਮਾਮਲੇ ਵਿਚ ਜ਼ਿਲ੍ਹਾ ਪਟਿਆਲਾ ਪੁਲਿਸ ਨੇ ਥਾਣਾ ਪਾਤੜਾਂ ਵਿਚ ਧਾਰਾ 302 ਅਤੇ 114 ਤਹਿਤ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ, ਜਿਸ ਮਗਰੋਂ ਸ਼ੁਭਕਰਨ ਦਾ ਪੋਸਟਮਾਰਟਮ ਕੀਤਾ ਗਿਆ।

## ਸ਼ੁਭਕਰਨ ਦੀ ਭੈਣ ਨੂੰ ਮਿਲੇਗੀ ਪੰਜਾਬ ਪੁਲੀਸ 'ਚ ਕਾਂਸਟੇਬਲ ਦੀ ਨੌਕਰੀ

ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ ਬਠਿੰਡਾ ਜ਼ਿਲ੍ਹੇ ਦੇ ਬੱਲੋ ਪਿੰਡ ਦੇ ਵਸਨੀਕ 23 ਸਾਲਾ ਸ਼ੁਭਕਰਨ ਸਿੰਘ ਦੀ ਛੋਟੀ ਭੈਣ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲੀਸ ਵਿੱਚ ਸਿਪਾਹੀ ਦੀ ਨੌਕਰੀ ਦਿੱਤੀ ਜਾਵੇਗੀ। ਇਹ ਜਾਣਕਾਰੀ ਸਰਕਾਰੀ ਬੁਲਾਰੇ ਨੇ ਦਿੱਤੀ ਹੈ। ਇਸ ਤੋਂ ਇਲਾਵਾ ਪਰਿਵਾਰ ਨੂੰ ਪੰਜਾਬ ਸਰਕਾਰ ਦੀ ਤਰਫ਼ੋਂ ਇਕ ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਵੀ ਦਿੱਤੀ ਜਾ ਰਹੀ ਹੈ।

# ਮੁਕੇਸ਼ ਅੰਬਾਨੀ ਦੇ ਬੇਟੇ ਅਨੰਤ ਦੇ ਵਿਆਹ ਤੋਂ ਪਹਿਲਾਂ ਦਾ ਜਸ਼ਨ ਵਿਚ ਬਿਲ ਗੇਟਸ, ਜ਼ੁਕਰਬਰਗ ਤੋਂ ਲੈ ਕੇ ਕਤਰ ਦੇ ਪੀ.ਐੱਮ ਵੀ ਹੋਣਗੇ ਮਹਿਮਾਨ

ਦੇਸ਼ ਦੇ ਸਭ ਤੋਂ ਵੱਡੇ ਕਾਰੋਬਾਰੀ ਮੁਕੇਸ਼ ਅੰਬਾਨੀ ਦੇ ਛੋਟੇ ਬੇਟੇ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦਾ ਵਿਆਹ ਤੋਂ ਪਹਿਲਾਂ ਦਾ ਜਸ਼ਨ 1 ਤੋਂ 3 ਮਾਰਚ ਤੱਕ ਗੁਜਰਾਤ ਦੇ ਜਾਮਨਗਰ ਵਿਚ ਹੋਵੇਗਾ। ਇਸ ਸਮਾਗਮ ਵਿੱਚ ਦੇਸ਼-ਦੁਨੀਆਂ ਦੀਆਂ ਕਈ ਵੱਡੀਆਂ ਸ਼ਖ਼ਸੀਅਤਾਂ ਸ਼ਿਰਕਤ ਕਰਨ ਜਾ ਰਹੀਆਂ ਹਨ, ਜਿਨ੍ਹਾਂ ਨੂੰ ਸੱਦਾ ਪੱਤਰ ਭੇਜੇ ਗਏ ਹਨ। ਪ੍ਰੋਗਰਾਮ 'ਚ ਬਾਲੀਵੁੱਡ ਤੋਂ ਇਲਾਵਾ ਵਿਦੇਸ਼ੀ ਹਸਤੀਆਂ ਵੀ ਪਰਫਾਰਮ ਕਰਨ ਜਾ ਰਹੀਆਂ ਹਨ, ਜਿਨ੍ਹਾਂ 'ਚ ਪੌਪ ਸਿੰਗਰ ਰਿਹਾਨਾ ਵੀ ਸ਼ਾਮਿਲ ਹੈ।

***ਗਲੋਬਲ ਆਈਕਨ ਰਿਹਾਨਾ ਪ੍ਰਦਰਸ਼ਨ ਕਰੇਗੀ***

ਜਾਮਨਗਰ ਦੇ ਰਿਲਾਇੰਸ ਗ੍ਰੀਨਸ ਕੰਪਲੈਕਸ 'ਚ ਹੋਣ ਵਾਲੇ ਇਸ ਸਮਾਗਮ 'ਚ ਗਲੋਬਲ ਆਈਕਨ ਰਿਹਾਨਾ, ਕਤਰ ਦੇ ਪ੍ਰਧਾਨ ਮੰਤਰੀ ਮੁਹੰਮਦ ਬਿਨ ਅਬਦੁਲ ਰਹਿਮਾਨ ਬਿਨ ਜਾਸਿਮ ਅਲ ਥਾਨੀ, ਬਿਲ ਗੇਟਸ, ਫੇਸਬੁੱਕ ਦੇ ਮਾਰਕ ਜ਼ੁਕਰਬਰਗ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਬੇਟੀ ਇਵਾਂਕਾ ਟਰੰਪ ਅਤੇ ਸੁੰਦਰ ਪਿਚਾਈ ਵੀ ਸ਼ਾਮਿਲ ਹੋਣਗੇ।







# ਇਟਲੀ ਵਿਚ ਭਾਰੀ ਮੀਂਹ ਕਾਰਨ ਕਈ ਇਲਾਕਿਆਂ ਵਿਚ ਆਏ ਹੜ੍ਹ

ਇਟਲੀ ਦਾ ਮੌਸਮ ਹਮੇਸ਼ਾ ਹੀ ਇਥੋਂ ਦੇ ਮੌਸਮ ਵਿਭਾਗ ਲਈ ਚੁਨੌਤੀ ਬਣਿਆ ਰਹਿੰਦਾ ਹੈ ਜਿਸ ਦੇ ਚੱਲਦਿਆਂ ਇਟਲੀ ਵਿਚ ਆਮ ਜਨ-ਜੀਵਨ ਬਹੁਤ ਪ੍ਰਭਾਵਿਤ ਹੁੰਦਾ ਹੈ। ਇਕ ਪਾਸੇ ਇਟਲੀ ਦੀਆਂ ਨਦੀਆਂ ਵਿਚ ਪਾਣੀ ਘਟਦਾ ਜਾ ਰਿਹਾ ਹੈ ਤੇ ਦੂਜੇ ਪਾਸੇ ਇਟਲੀ ਦੇ ਕਈ ਇਲਾਕਿਆਂ ਵਿਚ ਭਾਰੀ ਮੀਂਹ ਕਾਰਨ ਹੜ੍ਹ ਆਏ ਹੋਏ ਹਨ। ਇਟਲੀ ਦੇ ਵੇਨੇਤੋ ਸੂਬੇ ਵਿਚ ਖਰਾਬ



ਮੌਸਮ, ਤੇਜ਼ ਹਵਾਵਾਂ ਅਤੇ ਭਾਰੀ ਮੀਂਹ ਕਾਰਨ ਇਟਲੀ ਦੇ ਸਿਵਲ ਪ੍ਰੋਟੈਕਸ਼ਨ ਡਿਪਾਰਟਮੈਂਟ (ਨਾਗਰਿਕ ਸੁਰੱਖਿਆ ਵਿਭਾਗ)ਨੇ ਕੁੱਝ ਇਲਾਕਿਆ ਵਿਚ ਰੈੱਡ ਅਲਰਟ ਕਰ ਦਿਤਾ ਹੈ ਜਦਕਿ ਇਮਿਲੀਆ ਰੋਮਾਨਾ ਸੂਬੇ ਦੇ ਕਈ ਇਲਾਕੇ ਦੂਜੇ ਖਤਰੇ ਦੇ ਸੰਗਤਰੀ ਨਿਸ਼ਾਨ 'ਤੇ ਹਨ।ਇਨ੍ਹਾਂ ਇਲਾਕਿਆਂ ਵਿਚ ਭਾਰੀ ਮੀਂਹ ਅਤੇ ਭਾਰੀ ਬਰਫ਼ਬਾਰੀ ਵੀ ਹੈ। ਖਰਾਬ ਮੌਸਮ ਕਾਰਨ ਰੇਲ ਸੇਵਾਵਾਂ ਵੇਨਿਸ, ਮਿਲਾਨ, ਵਿਚੈਂਸਾ ਤੇ ਪਾਦੋਵਾ ਵੱਡੇ ਪੱਧਰ ਤੇ ਪ੍ਰਭਾਵਿਤ ਹੋ ਰਹੀਆਂ ਹਨ, ਕਈ ਰੂਟ ਤਾਂ ਮੁਅਤੱਲ ਹੀ ਕਰਨੇ ਪੈ ਰਹੇ ਹਨ। ਵਿਚੈਂਸਾ ਇਲਾਕੇ ਵਿਚ ਸਕੂਲ ਵੀ ਬੰਦ ਕੀਤੇ ਗਏ ਹਨ ਤਾਂ ਜੋ ਕੋਈ ਵੀ ਅਣਸੁਖਾਵੀਂ ਘਟਨਾ ਨਾ ਘੱਟ ਜਾਵੇ। ਲਿਗੂਰੀਆ ਇਲਾਕੇ ਵਿਚ ਜ਼ਮੀਨ ਖਿਸਕਣ ਕਾਰਨ ਲੋਕਾਂ ਦੀ ਆਵਾਜਾਈ ਵਿਚ ਵੱਡਾ ਵਿਘਨ ਪੈ ਰਿਹਾ ਹੈ।

## ਉਜ਼ਬੇਕਿਸਤਾਨ 'ਚ ਭਾਰਤੀ ਕਾਰੋਬਾਰੀ ਨੂੰ 20 ਸਾਲ ਦੀ ਸਜ਼ਾ

ਮੱਧ ਏਸ਼ੀਆਈ ਦੇਸ਼ ਉਜ਼ਬੇਕਿ-ਸਤਾਨ ਦੀ ਸੁਪਰੀਮ ਕੋਰਟ ਨੇ ਭਾਰਤ 'ਚ ਬਣੀ ਖੰਘ ਦੀ ਦਵਾਈ



ਪੀਣ ਨਾਲ 68 ਬੱਚਿਆਂ ਦੀ ਮੌਤ ਦੇ ਮਾਮਲੇ 'ਚ 21 ਲੋਕਾਂ ਨੂੰ ਸਜ਼ਾ ਸੁਣਾਈ ਹੈ। ਸਜ਼ਾ ਭੁਗਤਣ ਵਾਲਿਆਂ ਵਿਚ ਇਕ ਭਾਰਤੀ ਕਾਰੋਬਾਰੀ ਵੀ ਸ਼ਾਮਲ ਹੈ। ਉਜ਼ਬੇਕਿਸਤਾਨ ਵਿਚ 2022 ਤੋਂ 2023 ਦਰਮਿਆਨ ਘੱਟੋ-ਘੱਟ 86 ਬੱਚਿਆਂ ਨੂੰ ਇਹ ਖੰਘ ਦੀ ਦਵਾਈ ਦਿਤੀ ਗਈ ਸੀ, ਇਸ ਕਾਰਨ 68 ਬੱਚਿਆਂ ਦੀ ਮੌਤ ਹੋ ਗਈ। ਉਜ਼ਬੇਕਿਸਤਾਨ ਵਿਚ ਡੌਕ-1 ਮੈਕਸ ਸੀਰਪ ਦੀ ਦਰਾਮਦ ਕਰਨ ਵਾਲੀ ਕੰਪਨੀ ਦਾ ਡਾਇਰੈਕਟਰ ਭਾਰਤੀ ਨਾਗਰਿਕ ਸਿੰਘ ਰਾਘਵੇਂਦਰ ਪ੍ਰਤਾਪ ਹੈ। ਉਥੋਂ ਦੀ ਅਦਾਲਤ ਨੇ ਉਸ ਨੂੰ 20 ਸਾਲ ਦੀ ਸਖ਼ਤ ਸਜ਼ਾ ਸੁਣਾਈ ਹੈ। ਉਜ਼ਬੇਕਿਸਤਾਨ ਦੀ ਸੁਪਰੀਮ ਕੋਰਟ ਮੁਤਾਬਕ ਉਨ੍ਹਾਂ ਨੇ ਰਾਘਵੇਂਦਰ ਪ੍ਰਤਾਪ ਨੂੰ ਭ੍ਰਿਸ਼ਟਾਚਾਰ, ਧੋਖਾਧੜੀ ਅਤੇ ਜਾਅਲਸਾਜ਼ੀ ਦਾ ਦੋਸ਼ੀ ਪਾਇਆ ਹੈ।

## ਕੈਨੇਡਾ ਵਿਚ ਪਾਕਿਸਤਾਨ ਦੀ ਏਅਰ ਹੋਸਟੈੱਸ ਲਾਪਤਾ, ਕੈਨੇਡਾ ਵਿਚ ਸ਼ਰਣ ਲੈਣ ਦਾ ਸ਼ੱਕ

ਪਾਕਿਸਤਾਨ ਦੀ ਸਰਕਾਰੀ ਏਅਰਲਾਈਨ ਕੰਪਨੀ 'ਪਾਕਿ-ਸਤਾਨ ਇੰਟਰਨੈਸ਼ਨਲ ਏਅਰਲਾਈਨਜ਼' (ਪੀਆਈਏ) ਦੀ ਇੱਕ ਹੋਰ ਏਅਰ ਹੋਸਟੈੱਸ ਕੈਨੇਡਾ ਵਿਚ ਲਾਪਤਾ ਹੋ ਗਈ ਹੈ। ਇਸ ਦਾ ਨਾਂ ਮਰੀਅਮ ਰਜ਼ਾ ਹੈ। ਸੂਤਰਾਂ ਦੇ ਹਵਾਲੇ ਤੋਂ ਦੱਸਿਆ ਕਿ ਮਰੀਅਮ ਸੋਮਵਾਰ ਨੂੰ ਆਪਣੇ ਹੋਟਲ ਤੋਂ ਲਾਪਤਾ ਹੋ ਗਈ ਸੀ। ਉਸ ਦੀ ਵਰਦੀ ਉਸ ਦੇ ਕਮਰੇ ਵਿਚੋਂ ਮਿਲੀ। ਇਸ 'ਤੇ ਲਿਖਿਆ ਸੀ- ਥੈਂਕ ਯੂ ਪਾਕਿ-ਸਤਾਨ ਇੰਟਰਨੈਸ਼ਨਲ ਏਅਰਲਾਈਨਜ਼।ਪੀਆਈਏ ਦੇ ਸੂਤਰਾਂ ਅਨੁਸਾਰ ਇਸ ਤੋਂ ਪਹਿਲਾਂ ਵੀ ਕਈ ਕਰੂ ਮੈਂਬਰ, ਪਾਇਲਟ




ਜਾਂ ਏਅਰ ਹੋਸਟੈਸ ਇਸੇ ਤਰ੍ਹਾਂ ਲਾਪਤਾ ਹੋ ਚੁੱਕੇ ਹਨ। ਮੰਨਿਆ ਜਾ ਰਿਹਾ ਹੈ ਕਿ ਹੋਰ ਲੋਕਾਂ ਵਾਂਗ ਮਰੀਅਮ ਨੇ ਵੀ ਕੈਨੇਡਾ ਦੀ ਨਾਗਰਿਕਤਾ ਹਾਸਿਲ ਕਰਨ ਲਈ ਇਹ ਰਾਹ ਅਪਣਾਇਆ ਹੈ।

# ਯੂ.ਕੇ. ਦੀ ਸੰਸਦ ਮੈਂਬਰ ਦਾ ਦਾਅਵਾ: ਕਿਹਾ, ਕਈ ਬ੍ਰਿਟਿਸ਼-ਸਿੱਖ ਭਾਰਤੀ ਏਜੰਟਾਂ ਦੀ ਹਿੱਟ ਲਿਸਟ 'ਚ

ਲੰਡਨ: ਬ੍ਰਿਟਿਸ਼ ਸਿੱਖ ਐੱਮ.ਪੀ. ਪ੍ਰੀਤ ਕੌਰ ਗਿੱਲ ਦਾ ਕਹਿਣਾ ਹੈ ਕਿ ਭਾਰਤੀ ਏਜੰਟ ਬਰਤਾਨੀਆ ਵਿਚ ਰਹਿੰਦੇ ਸਿੱਖਾਂ ਨੂੰ ਨਿਸ਼ਾਨਾ ਬਣਾ ਰਹੇ ਹਨ।

ਪ੍ਰੀਤ ਕੌਰ ਗਿੱਲ ਨੇ ਬਰਤਾਨਵੀ ਪਾਰਲੀਮੈਂਟ ਦੇ ਹੇਠਲੇ ਸਦਨ (ਹਾਊਸ ਆਫ਼ ਕਾਮਨਜ਼) ਵਿਚ ਸਿੱਖਾਂ ਉੱਤੇ ਹੋ ਰਹੇ ਜ਼ੁਲਮਾਂ ਦਾ ਮੁੱਦਾ ਉਠਾਇਆ। ਉਨ੍ਹਾਂ ਦਾਅਵਾ ਕੀਤਾ ਕਿ ਬਰਤਾਨੀਆ ਵਿਚ ਰਹਿੰਦੇ ਸਿੱਖ ਭਾਰਤ ਨਾਲ ਜੁੜੇ ਏਜੰਟਾਂ ਦੀ ਹਿੱਟ ਲਿਸਟ ਵਿਚ ਹਨ।

ਗਿੱਲ ਨੇ ਵਿਦੇਸ਼ਾਂ ਵਿਚ ਸਿੱਖਾਂ ਵਿਰੁੱਧ ਕਥਿਤ ਤੌਰ 'ਤੇ ਕਤਲ ਦੀਆਂ ਸਾਜ਼ਿਸ਼ਾਂ ਦਾ ਹਵਾਲਾ ਦਿੱਤਾ। ਇਹ ਵੀ ਪੁੱਛਿਆ ਕਿ ਬ੍ਰਿਟਿਸ਼ ਸਰਕਾਰ ਬ੍ਰਿਟਿਸ਼ ਸਿੱਖਾਂ ਦੀ ਸੁਰੱਖਿਆ ਲਈ ਕੀ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਹਾਲ ਹੀ ਦੇ ਮਹੀਨਿਆਂ ਵਿਚ, ਫਾਈਵ ਆਈਜ਼ ਦੇਸ਼ਾਂ (ਆਸਟ੍ਰੇਲੀਆ, ਕੈਨੇਡਾ, ਨਿਊਜ਼ੀਲੈਂਡ, ਅਮਰੀਕਾ ਅਤੇ ਯੂ.ਕੇ. ਦੇ ਖੁਫੀਆ ਗਠਜੋੜ) ਨੇ ਭਾਰਤ ਨਾਲ ਜੁੜੇ ਏਜੰਟਾਂ ਵੱਲੋਂ ਯੂਨਾਈਟਿਡ ਕਿੰਗਡਮ ਵਿਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦੀ ਕਾਰਵਾਈ 'ਤੇ ਚਿੰਤਾ ਪ੍ਰਗਟਾਈ



ਹੈ। ਅਮਰੀਕਾ ਅਤੇ ਕੈਨੇਡਾ ਅਜਿਹੇ ਮਾਮਲਿਆਂ ਨੂੰ ਆਪਣੀ ਪ੍ਰਭੂਸੱਤਾ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਲਈ ਚੁਣੌਤੀ ਮੰਨਦੇ ਹਨ ਅਤੇ ਇਸ ਨੂੰ ਜਨਤਕ ਕਰ ਚੁੱਕੇ ਹਨ। ਬਰਤਾਨਵੀ ਸਿੱਖਾਂ ਨੂੰ ਇਸੇ ਤਰ੍ਹਾਂ ਦੇ ਖਤਰਿਆਂ ਦਾ ਸਾਹਮਣਾ ਕਰਨ ਦੀਆਂ ਰਿਪੋਰਟਾਂ ਦੇ ਮੱਦੇਨਜ਼ਰ, ਸਰਕਾਰ ਉਨ੍ਹਾਂ ਦੀ ਸੁਰੱਖਿਆ ਲਈ ਕੀ ਕਦਮ ਚੁੱਕ ਰਹੀ ਹੈ?

ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਦੇ ਸਵਾਲ ਦੇ ਜਵਾਬ ਵਿਚ ਰੱਖਿਆ ਮੰਤਰੀ ਟੌਮ ਤੁਗੇਨਧਾਤ ਨੇ ਕਿਹਾ ਕਿ ਜੇਕਰ ਕਿਸੇ ਵੀ ਵਿਦੇਸ਼ੀ ਤੋਂ ਕਿਸੇ ਵੀ ਬ੍ਰਿਟਿਸ਼ ਨਾਗਰਿਕ ਨੂੰ ਕੋਈ ਖਤਰਾ ਹੈ ਤਾਂ ਅਸੀਂ ਤੁਰੰਤ ਕਾਰਵਾਈ ਕਰਾਂਗੇ। ਸਿੱਖ ਭਾਈਚਾਰੇ ਨੂੰ ਹਰ ਹੋਰ ਭਾਈਚਾਰੇ ਵਾਂਗ ਬਰਤਾਨੀਆ ਵਿਚ ਸੁਰੱਖਿਅਤ ਰਹਿਣ ਦਾ ਹੱਕ ਹੈ। ਸਾਰੇ ਬ੍ਰਿਟਿਸ਼ ਨਾਗਰਿਕ ਬਰਾਬਰ ਹਨ।

# ਮੁੱਖ ਮੰਤਰੀ ਵਲੋਂ ਸੁਖਬੀਰ ਬਾਦਲ 'ਤੇ ਲਾਏ ਘਪਲੇ ਦੇ ਦੋਸ਼ਾਂ 'ਤੇ ਭੜਕਿਆ ਅਕਾਲੀ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਨੂੰ ਚੁਣੌਤੀ ਦਿੱਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਖਿਲਾਫ ਲਗਾਏ ਦੋਸ਼ਾਂ ਲਈ ਮੁਆਫੀ ਮੰਗਣ ਜਾਂ ਫਿਰ ਇਹ ਝੂਠੇ ਦੋਸ਼ਾਂ ਲਈ ਮਾਣਹਾਨੀ ਦੇ ਮੁਕੱਦਮੇ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ।

ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਰਦਾਰ ਸੁਖਬੀਰ ਸਿੰਘ ਬਾਦਲ ਅਤੇ ਸੁਖ ਵਿਲਾਸ ਹੋਟਲ ਨੂੰ ਝੂਠੇ ਦੋਸ਼ ਸਿਰਫ ਤੇ ਸਿਰਫ ਹਰਿਆਣਾ ਪੁਲਿਸ ਵੱਲੋਂ ਗੋਲੀ ਮਾਰ ਕੇ ਸ਼ਹੀਦ ਕੀਤੇ ਗਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ ਦੇ ਮਾਮਲੇ ਵਿਚ ਗਲਤ ਦਰਜ ਕੀਤੀ ਗਈ ਜ਼ੀਰੋ ਐਫ ਆਈ ਆਰ ਤੋਂ ਲੋਕਾਂ ਦਾ ਧਿਆਨ ਪਾਸੇ ਕਰਨ ਵਾਸਤੇ ਲਗਾਏ ਗਏ ਹਨ।

ਅਕਾਲੀ ਦਲ ਦੇ ਬੁਲਾਰੇ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹਾ ਪਹਿਲੀ ਵਾਰ ਨਹੀਂ ਹੈ ਕਿ ਮੁੱਖ ਮੰਤਰੀ ਨੇ ਲੋਕਾਂ ਦਾ ਧਿਆਨ ਪਾਸੇ ਕਰਨ ਵਾਸਤੇ ਅਜਿਹੀ ਤਰਕੀਬ ਖੇਡੀ ਹੋਵੇ। ਉਹਨਾਂ ਕਿਹਾ ਕਿ ਪਹਿਲਾਂ ਸ੍ਰੀ ਭਗਵੰਤ ਮਾਨ ਨੇ ਜਦੋਂ ਇਹ ਦੋਸ਼ ਲਗਾਏ ਸਨ ਕਿ ਸਾਬਕਾ ਮੁੱਖ



ਮੰਤਰੀ ਸ੍ਰੀ ਚਰਨਜੀਤ ਸਿੰਘ ਚੰਨੀ ਨੇ ਇਕ ਖਿਡਾਰੀ ਤੋਂ 2 ਕਰੋੜ ਰੁਪਏ ਰਿਸ਼ਵਤ ਮੰਗੀ ਸੀ ਤਾਂ ਉਦੋਂ ਵੀ ਅਜਿਹੀ ਹੀ ਹਰਕਤ ਕੀਤੀ ਸੀ । ਉਹਨਾਂ ਕਿਹਾ ਕਿ ਪਹਿਲਾਂ ਮੁੱਖ ਮੰਤਰੀ ਨੇ ਝੂਠਾ ਦਾਅਵਾ ਕੀਤਾ ਸੀ ਕਿ ਗੈਂਗਸਟਰ ਗੋਲਡੀ ਬਰਾੜ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਇਹ ਵੀ ਦਾਅਵਾ ਕੀਤਾ ਸੀ ਕਿ ਬੀ ਐਮ ਡਬਲਿਊ ਕੰਪਨੀ ਪੰਜਾਬ ਵਿਚ ਪਲਾਂਟ ਲਗਾਵੇਗੀ। ਉਹਨਾਂ ਕਿਹਾ ਕਿ ਅਜਿਹੇ ਸਾਰੇ ਝੂਠੇ ਦਾਅਵੇ ਕਰਨ ਦਾ ਮਕਸਦ ਲੋਕਾਂ ਦਾ ਸੂਬੇ ਦੇ ਭਖਵੇਂ ਮੁੱਦਿਆਂ ਤੋਂ ਧਿਆਨ ਪਾਸੇ ਕਰਨਾ ਹੈ। ਅਕਾਲੀ ਦਲ ਦੇ ਬੁਲਾਰੇ ਨੇ ਮੁੱਖ ਮੰਤਰੀ ਨੂੰ ਪੁੱਛਿਆ ਕਿ ਉਹ ਦੱਸਣ ਕਿ ਉਹ ਬੇਵੱਸ ਕਿਉਂ ਹਨ ਤੇ ਉਹਨਾਂ ਨੇ ਲਗਾਏ ਦੋਸ਼ਾਂ ਦੇ ਮਾਮਲੇ ਵਿਚ ਕੇਸ ਦਰਜ ਕਰਨ ਦੇ ਹੁਕਮ ਕਿਉਂ ਨਹੀਂ ਦਿੱਤੇ ? ਉਹਨਾਂ ਕਿਹਾ ਕਿ ਵਿਜੀਲੈਂਸ ਵਿਭਾਗ ਵੀ ਮੁੱਖ ਮੰਤਰੀ ਦੇ ਅਧੀਨ ਹੈ। ਉਹਨਾਂ ਕਿਹਾ ਕਿ ਦੋ ਸਾਲਾਂ ਤੋਂ ਉਹਨਾਂ ਕੇਸ ਦਰਜ ਕਰਨ ਦੇ ਹੁਕਮ ਕਿਉਂ ਨਹੀਂ ਦਿੱਤੇ ?ਐਡਵੋਕੇਟ ਕਲੇਰ ਨੇ ਮੁੱਖ ਮੰਤਰੀ ਨੂੰ ਆਖਿਆ ਕਿ ਜਾਂ ਤਾਂ ਉਹ ਤੁਰੰਤ ਕੇਸ ਦਰਜ ਕਰਨ ਜਾਂ ਫਿਰ ਅਦਾਲਤ ਵਿਚ ਆਪਣੇ ਝੂਠਾਂ ਦਾ ਜਵਾਬ ਦੇਣ ਲਈ ਤਿਆਰ ਰਹਿਣ। ਉਹਨਾਂ ਕਿਹਾ ਕਿ ਕੇਸ ਦੇ ਅਸਲ ਤੱਥਾਂ ਸਮੇਤ ਭਲਕੇ ਪੂਰਾ ਵਿਸਥਾਰਿਤ ਜਵਾਬ ਵੱਖਰੇ ਤੌਰ 'ਤੇ ਦਿੱਤਾ ਜਾਵੇਗਾ।

## ਤਜ਼ਰਬੇਕਾਰ ਪੰਜਾਬੀ ਗਾਇਕਾਂ, ਗਿੱਧੇ ਭੰਗੜੇ ਵਾਲੇ ਮੁੰਡੇ ਕੁੜੀਆਂ ਅਤੇ ਸਾਜ਼ੀਆਂ ਦੀ ਤੁਰੰਤ ਲੋੜ

### PUNJABI FOLK SINGERS, DANCERS AND MUSICIANS

# URGENTLY REQUIRED

Eurowood is one of the leading European and Asian events company. Our main objective is to develop and enhance the European and Asian arts & cultural industry and promote new talent in movies (Bollywood and International), documentaries, TV live shows, concerts and live studio recordings distributed worldwide.

We require Punjabi folk singers to provide live rendition of Punjabi Sufi, folk, qawwali, ghazals, Boliyan and Tappe, and popular and classical Bollywood songs, as well as own compositions.

Also required are Punjabi folk dancers familiar with Bhangra and Gidda, and musicians to play a variety of Indian / Punjabi folk musical instruments (e.g., Dhol and Sarangi) and Western musical instruments (e.g., Banjo and Keyboard).

Artists must be fluent in Punjabi and Hindi and be well versed with Punjabi folklore and culture. Artists with international experience and performing in front of large live audiences, or prior experience of working in film and television would be given preference.

Artists will be required to perform throughout the UK on selected weekdays and most weekends. Typical performances last 3-4 hours duration, with breaks provided in between. The rates of pay are as follows:

Singers: £15.95 - £18.00 per hour
Dancers: £11.44 - £17.00 per hour
Musicians: £16.00 - £18.00 per hour

Overtime (for performances over 4 hours) shall be paid at pro-rata basis. Overnight accommodation provided during performances. Applicants to apply with Resume and evidence of previous performances (e.g showreel or demo-tape) awards, citations, media coverage, etc, to the following address:

FAO: R Sharma, Eurowood Entertainment Ltd, 23 Saxon Street, Leicester LE3 0BL Email: info@eurowood.tv

**Closing date for applications: 21 Mar 2024**

# VACANCIES
# JSR CONTRACTS LTD.

## ਵੱਖ ਵੱਖ ਸ਼ਹਿਰਾਂ ਵਿੱਚ ਕੰਸਟਰਕਸ਼ਨ ਸਾਈਟ 'ਤੇ ਕੰਮ ਕਰਨ ਵਾਲੇ ਕਾਮਿਆਂ ਦੀ ਸਾਨੂੰ ਤੁਰੰਤ ਲੋੜ ਹੈ

### CONSTRUCTION BUILDERS REQUIRED ON VARIOUS SITES IN UK

**Job Type: 5319 Construction & building trades not elsewhere classified**

Job Description: In this role as an experienced builder, a diverse set of responsibilities during the job consists of 40 hours of dedicated work per week. These encompass a wide spectrum of construction tasks, including but not limited to concrete pouring, excavation, framing, roofing, demolition, scaffolding, and the creation of various structures using materials like stone, brick, and reinforced concrete. Additionally, the role may extend to actively participating in roadwork projects and steelwork, and there might be occasions to perform various trade-related duties. Proficiency in tasks such as blueprint interpretation and equipment operation is required. A firm commitment to adhering to safety protocols, effective collaboration with both colleagues and subcontractors, strict adherence to project timelines and quality standards, and clear and concise communication skills. This position is classified under SOC 5319 and holds a place on the Shortage Occupation List, signifying its vital importance within the construction industry. Annual pay is £26,500.

Person must have CSCS, CCDO, IPAF, Driving Licence, IPAF, SSSTS, Asbestos Awareness and Manual Handling.
Overseas candidates must do UK construction industry standard qualifications on arrival and before joining the job.

Contact Mr. Randhawa via email below:
Email: jsrcontractslimited@gmail.com

# PINNACLE BROKER LTD

## 'YOUR CALL FOR BRIDGING & COMMERCIAL FINANCE'




Specialists on Commercial & Bridging Finance

- FAST BUSINESS FINANCE FOR BUSINESS PURPOSES
- COMMERCIAL MORTGAGES
- PROPERTY DEVELOPMENT
- ASSET & AUCTION FINANCE
- BRIDGING FINANCE
- DEBT CONSOLIDATION
- INVOICE FINANCE

FIBA | Financial Intermediary & Broker Association

ਕਾਰੋਬਾਰੀ ਫਾਈਨੈਂਸ ਲਈ ਸਾਡੀਆਂ ਤੇਜ਼ ਸੇਵਾਵਾਂ, ਵਪਾਰਕ ਮਾਰਗੇਜ, ਪ੍ਰੌਪਰਟੀ ਮਾਰਗੇਜ, ਐਸਿਟ ਅਤੇ ਆਕਸ਼ਨ ਫਾਈਨੈਂਸ, ਬ੍ਰਿਜਿੰਗ ਫਾਈਨੈਂਸ ਆਦਿ ਵਾਸਤੇ ਸਾਡੀਆਂ ਸੇਵਾਵਾਂ ਹਾਸਲ ਕਰੋ

ਵਧੇਰੇ ਜਾਣਕਾਰੀ ਲਈ ਸਾਡੇ ਨਾਲ ਅੱਜ ਹੀ ਸੰਪਰਕ ਕਰੋ:

**Tel: 0333 200 7463**

Website: www.pinnaclebrokers.co.uk Email: info@pinnaclebrokers.co.uk
102 Clay Lane, Coventry, CV2 4LN

As a member of the NACFB our clients can be confident that Pinnacle Broker UK Ltd complies with the highest standards of the NACFB code of practice. This code of practice governs our industry and is reconised by the office of Fair Trading since 1994.

# ਲੰਡਨ ਹਾਈ ਕੋਰਟ ਨੇ ਪ੍ਰਿੰਸ ਹੈਰੀ ਨੂੰ ਦਿੱਤਾ ਝਟਕਾ

ਲੰਡਨ : ਬ੍ਰਿਟੇਨ 'ਚ ਫੋਲਿਚਏ ਸੁਰੱਖਿਆ 'ਖਰੀਦਣ' ਨੂੰ ਲੈ ਕੇ ਪ੍ਰਿੰਸ ਹੈਰੀ ਨੂੰ ਅਦਾਲਤ ਤੋਂ ਵੱਡਾ ਝਟਕਾ ਲੱਗਾ ਹੈ। ਪ੍ਰਿੰਸ ਹੈਰੀ ਆਪਣੀ ਸੁਰੱਖਿਆ ਨੂੰ ਲੈ ਕੇ ਲੰਡਨ ਹਾਈ ਕੋਰਟ ਪਹੁੰਚੇ ਸਨ। ਮਾਮਲੇ ਦੀ ਸੁਣਵਾਈ ਦੌਰਾਨ ਜੱਜ ਸਰ ਪੀਟਰ ਲੇਨ ਨੇ ਕਿਹਾ ਕਿ ਪ੍ਰਿੰਸ ਹੈਰੀ ਤੋਂ ਪੁਲਿਸ ਸੁਰੱਖਿਆ ਹਟਾਉਣ ਦਾ ਫੈਸਲਾ ਨਾ ਤਾਂ ਗੈਰ-ਕਾਨੂੰਨੀ ਹੈ ਅਤੇ ਨਾ ਹੀ ਤਰਕਹੀਣ ਹੈ। ਤੁਹਾਨੂੰ ਦੱਸ ਦੇਈਏ ਕਿ ਇਹ ਮਾਮਲਾ ਸਾਲ 2020 ਦਾ ਹੈ। ਇਸ ਸਮੇਂ ਦੌਰਾਨ, ਰਾਇਲਟੀ ਅਤੇ ਜਨਤਕ ਸ਼ਖਸੀਅਤਾਂ ਦੀ ਸੁਰੱਖਿਆ ਲਈ ਕਾਰਜਕਾਰੀ ਕਮੇਟੀ ਦੇ ਫੈਸਲੇ ਤੋਂ ਬਾਅਦ ਯੂਕੇ ਦੇ ਗ੍ਰਹਿ ਦਫਤਰ ਦੁਆਰਾ ਪ੍ਰਿੰਸ ਹੈਰੀ ਦੀ ਸੁਰੱਖਿਆ ਦੀ ਸਮੀਖਿਆ ਕੀਤੀ ਗਈ। ਇਸ ਦੌਰਾਨ ਪ੍ਰਿੰਸ ਹੈਰੀ ਆਪਣੀ ਬਰਤਾਨੀਆ ਫੇਰੀ ਦੌਰਾਨ ਪੁਲਿਸ ਸੁਰੱਖਿਆ ਲਈ ਨਿੱਜੀ ਭੁਗਤਾਨ ਕਰਨ ਸਬੰਧੀ ਅਦਾਲਤ ਵਿੱਚ ਕੇਸ ਹਾਰ ਗਏ ਸਨ।



# ਪੂਤਿਨ ਵੱਲੋਂ ਪੱਛਮੀ ਫੌਜਾਂ ਨੂੰ ਯੂਕਰੇਨ 'ਚ ਦਖਲ ਨਾ ਦੇਣ ਦੀ ਚਿਤਾਵਨੀ

ਰੂਸ ਦੇ ਰਾਸ਼ਟਰਪਤੀ ਵਲਾਦਿਮੀਰ ਪੂਤਿਨ ਨੇ ਅੱਜ ਮਾਸਕੋ ਵੱਲੋਂ ਯੂਕਰੇਨ 'ਚ ਮਿੱਥਿਆ ਟੀਚਾ ਪੂਰਾ ਕਰਨ ਦਾ ਅਹਿਦ ਦੁਹਰਾਇਆ ਅਤੇ ਨਾਲ ਹੀ ਪੱਛਮ ਨੂੰ ਜੰਗ ਵਿੱਚ ਦਖਲ ਨਾ ਦੇਣ ਦੀ ਚਿਤਾਵਨੀ ਦਿੰਦਿਆਂ ਕਿਹਾ ਕਿ ਅਜਿਹਾ ਕੋਈ ਵੀ ਕਦਮ ਆਲਮੀ ਪਰਮਾਣੂ ਜੰਗ ਦਾ ਖ਼ਤਰਾ ਵਧਾ ਸਕਦਾ ਹੈ।

ਪੂਤਿਨ ਨੇ ਇਹ ਚਿਤਾਵਨੀ ਅਗਲੇ ਮਹੀਨੇ ਹੋਣ ਵਾਲੀਆਂ ਚੋਣਾਂ ਤੋਂ ਪਹਿਲਾਂ ਦੇਸ਼ ਦੇ ਨਾਂ ਕੀਤੇ ਸੰਬੋਧਨ ਦੌਰਾਨ ਦਿੱਤੀ ਹੈ। ਇਨ੍ਹਾਂ ਚੋਣਾਂ 'ਚ ਪੂਤਿਨ ਦਾ ਜਿੱਤਣਾ ਤਕਰੀਬਨ ਤੈਅ ਹੈ। ਜ਼ਿਕਰਯੋਗ ਹੈ ਕਿ ਇਸ ਹਫ਼ਤੇ ਦੀ ਸ਼ੁਰੂਆਤ 'ਚ ਫਰਾਂਸ ਦੇ ਰਾਸ਼ਟਰਪਤੀ ਇਮੈਨੂਅਲ ਮੈਕਰੋਂ ਨੇ ਬਿਆਨ ਦਿੱਤਾ ਸੀ ਕਿ ਭਵਿੱਖ ਵਿੱਚ ਯੂਕਰੇਨ 'ਚ ਪੱਛਮੀ ਮੁਲਕਾਂ ਦੀਆਂ ਫੌਜਾਂ ਦੀ ਤਾਇਨਾਤੀ ਤੋਂ ਇਨਕਾਰ ਨਹੀਂ ਕੀਤਾ ਜਾਣਾ ਚਾਹੀਦਾ। ਇਸ ਬਿਆਨ 'ਤੇ ਪੂਤਿਨ ਨੇ ਚਿਤਾਵਨੀ ਦਿੱਤੀ ਕਿ ਇਸ ਨਾਲ ਉਨ੍ਹਾਂ ਮੁਲਕਾਂ ਲਈ ਮਾੜੇ ਨਤੀਜੇ ਸਾਹਮਣੇ ਆਉਣਗੇ ਜੋ ਅਜਿਹਾ ਕਰਨ ਦਾ ਫ਼ੈਸਲਾ ਲੈਂਦੇ ਹਨ। ਪੂਤਿਨ ਨੇ ਯੂਰਪ ਦੇ ਨਾਟੋ ਸਹਿਯੋਗੀਆਂ 'ਤੇ ਰੂਸ 'ਤੇ ਹਮਲੇ ਕਰਨ ਦੀ ਯੋਜਨਾ ਬਣਾਉਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਪੱਛਮੀ ਸਹਿਯੋਗੀ ਉਨ੍ਹਾਂ ਦੇ ਖਿੱਤੇ 'ਤੇ ਹਮਲਾ ਕਰਨ ਲਈ ਟੀਚਿਆਂ ਦੀ ਚੋਣ ਕਰ ਰਹੇ ਹਨ ਅਤੇ ਯੂਕਰੇਨ 'ਚ ਨਾਟੋ ਫੋਰਸਾਂ ਭੇਜਣ ਦੀ ਸੰਭਾਵਨਾ ਬਾਰੇ ਗੱਲ ਕਰ ਰਹੇ ਹਨ। ਉਨ੍ਹਾਂ ਕਿਹਾ, 'ਸਾਨੂੰ ਉਨ੍ਹਾਂ ਮੁਲਕਾਂ ਦੀ ਹੋਣੀ ਯਾਦ ਹੈ ਜਿਨ੍ਹਾਂ ਨੇ ਸਾਡੇ ਦੇਸ਼ ਦੇ ਇਲਾਕੇ 'ਚ ਆਪਣੇ ਫੌਜੀ ਦਸਤੇ ਭੇਜੇ।' ਪੂਤਿਨ ਨੇ ਯੂਕਰੇਨ ਨਾਲ ਜਾਰੀ ਜੰਗ ਵਿਚਾਲੇ ਕੌਮੀ ਏਕਤਾ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਦੇਸ਼ ਭਰ 'ਚ ਪ੍ਰਸਾਰਿਤ ਟੀਵੀ ਸੰਬੋਧਨ ਦੌਰਾਨ ਕਿਹਾ, 'ਰੂਸ ਯੂਕਰੇਨ 'ਚ ਆਪਣੀ ਪ੍ਰਭੂਸੱਤਾ ਤੇ ਸਾਡੇ ਦੇਸ਼ ਭਗਤਾਂ ਦੀ ਰਾਖੀ ਕਰ ਰਿਹਾ ਹੈ।' ਉਨ੍ਹਾਂ ਰੂਸ ਦੇ ਸੈਨਿਕਾਂ ਦੀ ਸ਼ਲਾਘਾ ਕੀਤੀਆਂ ਤੇ ਕੁਝ ਦੇਰ ਮੌਨ ਧਾਰ ਕੇ ਜੰਗ 'ਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ।



# ਇਟਲੀ ਦੇ ਹਰ ਸਾਲ ਖੁੱਲਦੇ ਪੇਪਰ,ਜਿਵੇਂ ਤਾਂਤਰਿਕ ਬਾਬਿਆਂ ਦਾ ਪ੍ਰਚਾਰ, ਹੁੰਦੇ ਹਨ ਹਰ ਸਾਲ ਹਜ਼ਾਰਾਂ ਨੌਜਵਾਨ ਲੱਖਾਂ ਦੀ ਲੁੱਟ ਦਾ ਸ਼ਿਕਾਰ

ਰੋਮ ਇਟਲੀ(ਗੁਰਸ਼ਰਨ ਸਿੰਘ ਸੋਨੀ) ਬੇਸ਼ਕ ਇਟਲੀ ਦਾ ਨੌਜਵਾਨ ਅੱਜ ਬਿਹਤਰ ਭੱਵਿਖ ਲਈ ਇਟਲੀ ਨੂੰ ਅਲਵਿਦਾ ਆਖ ਰਿਹਾ ਹੈ ਇਟਲੀ ਦੀ ਰਾਸ਼ਟਰੀ ਅੰਕੜਾ ਏਜੰਸੀ ਇਸਤਤ ਅਨੁਸਾਰ ਪਿਛਲੇ 2 ਦਹਾਕਿਆਂ ਦੌਰਾਨ ਦੇਸ਼ ਦੇ 30 ਲੱਖ ਨੌਜਵਾਨਾਂ ਨੇ ਬੇਰੁਜ਼ਗਾਰੀ ਕਾਰਨ ਇਟਲੀ ਤੋਂ ਕਿਨਾਰਾ ਕਰ ਲਿਆ ਹੈ ਪਰ ਇਸ ਦੇ ਬਾਵਜੂਦ ਪ੍ਰਵਾਸੀਆਂ ਦਾ ਇਟਲੀ ਵਿਚ ਧੜਾਧੜ ਗੈਰ ਕਾਨੂੰਨੀ ਢੰਗ ਨਾਲ ਆਉਣਾ ਇਟਲੀ ਸਰਕਾਰ ਨੂੰ ਸੋਚਣ ਲਈ ਮਜ਼ਬੂਰ ਕਰਦਾ ਹੈ ਕਿ ਆਖ਼ਿਰ ਕਿਉਂ ਪ੍ਰਵਾਸੀ ਇੰਨੀ ਵੱਡੀ ਤਦਾਦ ਵਿੱਚ ਇਟਲੀ ਆ ਰਹੇ ਹਨ।ਇਟਲੀ ਸਰਕਾਰ ਨੇ ਪ੍ਰਵਾਸੀਆਂ ਦੀ ਇਹੀ ਨਬਜ਼ ਨੂੰ ਪਛਾਣਦਿਆਂ ਉਹਨਾਂ ਤੋਂ ਖਾਲੀ ਸਰਕਾਰੀ ਖਜ਼ਾਨੇ ਨੂੰ ਭਰਨ ਲਈ ਹਰ ਸਾਲ ਇਟਲੀ ਤੋਂ ਬਾਹਰੋਂ ਕਾਮਿਆਂ ਦੀ ਮੰਗ ਕਰਨਾ ਸਰਕਾਰ ਦੇ ਭਲੇ ਵਿੱਚ ਹੋਵੇ ਜਾਂ ਨਾ ਪਰ ਉਹਨਾਂ ਠੱਗ ਏਜੰਟਾਂ ਦੇ ਫਾਇਦਾ ਵਿੱਚ ਜਰੂਰ ਹੋ ਰਿਹਾ ਹੈ ਜਿਹੜੇ ਇਟਲੀ ਦੇ ਅਖੌਤੀ ਇਮੀਗ੍ਰੇਸ਼ਨ ਅਫ਼ਸਰ ਬਣ ਲੋਕਾਂ ਤੋਂ ਲੱਖਾਂ ਰੁਪਏ ਡਕਾਰ ਰਹੇ ਹਨ। ਇਟਲੀ ਯੂਰਪ ਦਾ ਅਜਿਹਾ ਦੇਸ਼ ਹੈ ਜਿਸ ਦੇ ਨਾਮ ਉਪੱਰ ਸਭ ਤੋਂ ਵੱਧ ਭਾਰਤੀ ਨੌਜਵਾਨਾਂ ਦੀ ਲੁੱਟ ਅਖੌਤੀ ਟ੍ਰੈਵਲ ਏਜੰਟ ਇਟਲੀ ਦਾ ਕੰਮ ਵਾਲਾ ਵੀਜ਼ਾ ਲੁਆਉਣ ਦੇ ਨਾਮ ਤੇ ਕਰਦੇ ਹਨ ਅਜਿਹਾ ਵੀ ਕਹਿ ਸਕਦੇ ਹਾਂ ਕਿ ਜਿਸ ਤਰ੍ਹਾਂ ਅਵਾਮ ਵਿੱਚ ਉਹਨਾਂ ਬਾਬਿਆਂ ਦੇ ਇਸ਼ਤਿਹਾਰਾਂ ਦਾ ਗੁੱਗਾ ਅਲਾਪਿਆ ਜਾਂਦਾ ਹੈ ਜਿਹੜੇ ਕਿ ਵਸ਼ੀਕਰਨ,ਕਾਰੋਬਾਰ ਜਾਂ ਲੋਕਾਂ ਨੂੰ ਭੂਤ-ਪ੍ਰੇਤਾਂ ਤੋਂ ਬਚਾਉਣ ਦੇ ਵੱਡੇ-ਵੱਡੇ ਦਾਵੇ ਕਰਦੇ ਹਨ ਪਰ ਇਹਨਾਂ ਦਾਵਿਆਂ ਨਾਲ ਕਿੰਨੇ ਲੋਕਾਂ ਦਾ ਭਲਾ ਹੁੰਦਾ ਇਹ ਸਭ ਭਲੀਭਾਂਤ ਜਾਣਦੇ ਹਨ ਠੀਕ ਉਸ ਤਰ੍ਹਾਂ ਹੀ ਅੱਜ ਦੇ ਸ਼ੋਸ਼ਲ ਮੀਡੀਏ ਵਿੱਚ ਇਟਲੀ ਦੇ ਪੇਪਰ ਖੁਲੱਣ ਦਾ ਜ਼ਿਆਦਾਤਰ ਆਪੂ ਬਣੇ ਪੱਤਰਕਾਰ ਦਿਨ-ਰਾਤ ਪ੍ਰਚਾਰ ਕਰਦੇ ਹਨ ਤੇ ਨਾਲ ਹੀ ਆਪਣੀ ਏਜੰਟਗਿਰੀ ਦੀਆਂ ਸਰਾਫ਼ਤੀ ਬਾਤਾਂ ਪਾਕੇ ਮੁਰਗੇ ਫਸਾਉਣ ਲਈ ਚੋਗਾ ਵੀ ਖਿਲਾਦੇ ਹਨ ਜਿਸ ਵਿੱਚ ਭਾਰਤ ਤੇ ਪਾਕਿਸਤਾਨੀ ਪੰਜਾਬ ਦੇ ਭੋਲੇਭਾਲੇ ਜਾਂ ਮਜ਼ਬੂਰ ਨੌਜਵਾਨ ਫਸ ਜਾਦੇ ਹਨ।ਇਹ ਪੰਜਾਬੀ ਨੌਜਵਾਨ ਹਰ ਸਾਲ ਉਸ ਸਮੇਂ ਲੱਖਾਂ ਰੁਪਏ ਦੀ ਲੁੱਟ ਚਿੱਟੇ ਦਿਨ ਆਪ ਹੀ ਅਖੌਤੀ ਏਜੰਟਾਂ ਕੋਲ ਜਾਂ-ਜਾਂ ਕਰਵਾਉਂਦੇ ਹਨ ਜਦੋਂ ਇਟਲੀ ਦੀ ਸਰਕਾਰ ਕੰਮ ਵਾਲੇ ਪੇਪਰਾਂ ਲਈ ਕੋਟਾਂ ਜਾਰੀ ਕਰਦੀ ਹੈ।ਇਟਲੀ ਦੇ ਪ੍ਰਧਾਨ ਮੰਤਰੀ ਦੇ ਤਖ਼ਤ ਉਪੱਰ ਬਿਰਾਜਮਾਨ ਕੋਈ ਵੀ ਹੋਵੇ ਪਰ ਸੰਨ 2006 ਤੋਂ ਇਟਲੀ ਸਰਕਾਰ ਦੇਸ਼ ਅੰਦਰ ਕਾਮਿਆਂ ਦੀ ਮੰਗ ਵਧਾਉਂਦੀ ਹੀ ਜਾ ਰਹੀ ਹੈ ਜਿਸ ਨਾਲ ਸਰਕਾਰ ਨੂੰ ਉਹਨਾਂ ਲਾਭ ਹੁੰਦਾ ਨਹੀਂ ਜਾਪਦਾ ਜਿੰਨਾ ਲਾਭ ਅਖੌਤੀ ਏਜੰਟਾਂ ਨੂੰ ਹੁੰਦਾ ਹੈ ਤੇ ਸਭ ਤੋਂ ਵੱਧ ਉਹਨਾਂ ਨੌਜਵਾਨਾਂ ਨੂੰ ਨੁਕਸਾਨ ਝੱਲਣਾ ਪੈਂਦਾ ਹੈ ਜਿਹੜੇ ਵਿਚਾਰੇ ਲੱਖਾਂ ਰੁਪਏ ਕਰਜ਼ਾ ਚੁੱਕ ਇਟਲੀ ਵਰਕ ਪਰਮਿੰਟ ਉਪੱਰ ਆਉਂਦੇ ਹਨ ਪਰ ਇੱਥੇ ਆਕੇ ਵੀ ਕੱਚੇ ਦੇ ਕੱਚੇ ਰਹਿ ਜਾਦੇ ਹਨ ਕਿਉਂਕਿ ਉਹਨਾਂ ਦੇ ਏਜੰਟ ਨਿਵਾਸ ਆਗਿਆ ਲਈ ਉਹਨਾਂ ਦੇ ਪੇਪਰ ਇਮੀਗ੍ਰੇਸ਼ਨ ਦਫ਼ਤਰ ਵਿੱਚ ਜਮਾਂ ਨਹੀਂ ਕਰਵਾਉਂਦੇ ਕੁਝ ਕੁ ਤਾਂ ਭਾਰਤ ਜਾਂ ਪਾਕਿਸਤਾਨ ਵਿੱਚ ਰਹਿ ਜਾਂਦੇ ਹਨ ਕਿਉਂਕਿ ਏਜੰਟ ਉਹਨਾਂ ਨੂੰ ਫਰਜ਼ੀ ਪੇਪਰਾਂ ਦਾ ਲੋਲੀਪੋਪ ਦੇ 9-2-11 ਹੋ ਜਾਂਦੇ ਹਨ।ਇਟਲੀ ਦਾ ਸਭ ਤੋਂ ਵੱਡਾ ਸੂਬਾ ਕੰਪਾਨੀਆਂ ਹੈ ਜਿੱਥੇ ਮਾਫ਼ੀਆ ਰਾਜ ਹੈ ਇਹ ਮਾਫ਼ੀਆ ਸਥਾਨਕ ਵਕੀਲਾਂ ਨਾਲ




ਗੰਢਤੁਪ ਕਰਕੇ ਹੁਣ ਤੱਕ ਲੱਖਾਂ ਲੋਕਾਂ ਨੂੰ ਬਿਨ੍ਹਾਂ ਇਟਾਲੀਅਨ ਮਾਲਕਾਂ ਨੂੰ ਜਾਣਕਾਰੀ ਦਿੱਤੇ ਉਹਨਾਂ ਦੇ ਪੇਪਰਾਂ ਉਪੱਰ ਕਾਮਿਆਂ ਨੂੰ ਸਰਕਾਰੇ ਦਰਬਾਰਾਂ ਸੈਟਿੰਗ ਕਰ ਬਾਹਰੋ ਬਾਹਰ ਬੁਲਾ ਚੁੱਕਾ ਹੈ ਜਿਹਨਾਂ ਦਾ ਹੁਣ ਪਰਦਾਫਾਸ਼ ਹੋ ਚੁੱਕਾ ਹੈ ਤੇ ਇਟਲੀ ਅੰਬੈਂਸੀ ਦਿੱਲੀ ਨੇ ਅਜਿਹੇ ਨੂਲੇ ਔਸਤਿਆਂ ਉਪੱਰ ਵੀਜ਼ੇ ਦੇਣੇ ਬੰਦ ਕਰ ਦਿੱਤੇ ਹਨ।ਇਸ ਵਾਰ ਜਦੋਂ ਇਟਲੀ ਦੇ ਪੇਪਰ ਖੁਲੱਣ ਦਾ ਐਲਾਨ ਹੋ ਚੁੱਕਾ ਹੈ ਤਾਂ ਉਹਨਾਂ ਅਖੌਤੀ ਏਜੰਟਾਂ ਨੇ ਆਪਣੇ ਮਨਸੂਬਿਆਂ ਨੂੰ ਨੇਪੜੇ ਚਾੜਨ ਲਈ ਸ਼ੋਸ਼ਲ ਮੀਡੀਏ ਰਾਹੀ ਜਾਲ ਵਿਛਾਉਣਾ ਸ਼ੁਰੂ ਕਰ ਦਿੱਤਾ ਹੈ ਤੇ ਬਹੁਤ ਸਾਰੇ ਕਬੂਤਰ ਸਾਡੇ ਜਾਗਰੂਕ ਕਰਨ ਦੇ ਬਾਵਜੂਦ ਇਹਨਾਂ ਠੱਗਾਂ ਦੇ ਜਾਲ ਵਿੱਚ ਫਸ ਜਾਣਗੇ ਕਿਉਂਕਿ ਲੁੱਟ ਹੋਣ ਵਾਲੇ ਨੌਜਵਾਨਾਂ ਨੂੰ ਲੱਗਦਾ ਹੈ ਕਿ ਇਟਲੀ ਦੇ ਕਾਨੂੰਨ ਤੇ ਪੇਪਰਾਂ ਸੰਬਧੀ ਮੁਕੰਮਲ ਜਾਣਕਾਰੀ ਉਹਨਾਂ ਸੋਸ਼ਲ ਮੀਡੀਏ ਰਾਹੀ ਲੈ ਲਈ ਹੈ ਤੇ ਆਪਣੀ ਨਾਲ ਹੋ ਰਹੀ ਲੁੱਟ ਦੀ ਉਹ ਕਿਸੇ ਰਿਸ਼ਤੇਦਾਰ ਜਾਂ ਸਾਕ ਸਬੰਧੀ ਨੂੰ ਭਿੰਨਕ ਵੀ ਨਹੀਂ ਲੱਗਣ ਦਿੰਦੇ ।ਅਜਿਹੇ ਵਾਕਿਆਂ ਇਟਲੀ ਵਿੱਚ ਹਰ ਸਾਲ ਹੁੰਦੇ ਹਨ ਤੇ ਸ਼ਾਇਦ ਹੁੰਦੇ ਵੀ ਰਹਿਣਗੇ ਕਿਉਂਕਿ ਕਿ ਕਈ ਵਾਰ ਬੇਰੁਜ਼ਗਾਰੀ,ਲਾਚਾਰੀ,ਬੇਵੱਸੀ ਤੇ ਘਰਾਂ ਦੀ ਮਜ਼ਬੂਰੀ ਇਨਸਾਨ ਨੂੰ ਅੱਖੀ ਦੇਖ ਮੱਖੀ ਖਾਣ ਲਈ ਮਜ਼ਬੂਰ ਕਰ ਦਿੰਦੀ ਹੈ।ਇਟਾਲੀਅਨ ਇੰਡੀਅਨ ਪ੍ਰੈੱਸ ਕਲੱਬ ਵੱਲੋਂ ਅਸੀਂ ਉਹਨਾਂ ਤਮਾਮ ਪੰਜਾਬੀ ਜਾਂ ਭਾਰਤੀ ਨੌਜਵਾਨਾਂ ਨੂੰ ਇਹ ਜਰੂਰ ਦੱਸਣਾ ਚਾਹੁੰਦੇ ਹਾਂ ਕਿ ਜੇਕਰ ਉਹ ਇਟਲੀ ਦੇ ਵਰਕ ਪਰਮਿੰਟ ਉਪੱਰ ਇਟਲੀ ਆਉਣ ਦੇ ਇਛੁੱਕ ਹੈ ਤਾਂ ਆਪਣੇ ਪੇਪਰਾਂ ਦੀ ਪੂਰੀ ਜਾਣਕਾਰੀ ਜਰੂਰ ਲੈਣ ਤੇ ਏਜੰਟ ਨਾਲ ਪੱਕੀ ਠੱਕੀ ਕਰਨ ਸਮੇਂ ਇਟਲੀ ਆਕੇ ਪੇਪਰ ਜਮ੍ਹਾਂ ਕਰਵਾਉਣ ਦੀ ਗੱਲ ਜਰੂਰ ਕਰਨ ਨਹੀਂ ਤਾਂ ਉਹਨਾਂ ਨੂੰ ਬਹੁਤ ਪਛਤਾਉਣਾ ਪੈ ਸਕਦਾ ਹੈ ਕਿਉਂ ਕਿ ਬਿਨ੍ਹਾਂ ਪੇਪਰ ਇਟਲੀ ਵਿੱਚ ਕੰਮ ਲੱਭਣਾ ਹਨੇਰੇ ਵਿੱਚ ਸੂਈ ਲੱਭਣ ਬਰਾਬਰ ਹੁੰਦਾ ਜਾ ਰਿਹਾ ਹੈ।ਇਹਨਾਂ ਪੇਪਰਾਂ ਦੀ ਆੜ ਵਿੱਚ ਉਹ ਠੱਗ ਦੋਨਾਂ ਹੱਥਾਂ ਨਾਲ ਲੋਕਾਂ ਦੀ ਲੁੱਟ ਰੱਜ ਕੇ ਕਰਨਗੇ ਜਿਹੜੇ ਪੇਪਰ ਅਪਲਾਈ ਕਰਨ ਲਈ 100-200 ਯੂਰੋ ਪਹਿਲਾਂ ਲੈਣਗੇ ਤੇ ਫਰਜ਼ੀ ਰਸੀਦਾਂ ਦੇ ਅਣਜਾਣ ਨੌਜਵਾਨਾਂ ਨੂੰ ਉੱਲੂ ਬਣਾ ਕੇ ਵੀ ਸਾਫ਼ ਬਚ ਜਾਣਗੇ ਕਿਉਂਕਿ ਇਹ ਠੱਗ ਪਹਿਲਾਂ ਹੀ ਦੱਸ ਦਿੰਦੇ ਹਨ ਕਿ ਜੇਕਰ ਪੇਪਰ ਨਾ ਨਿਕਲੇ ਤਾਂ ਅਡਵਾਂਸ ਨਹੀਂ ਮੁੜਨਾ।ਜ਼ਿਕਰਯੋਗ ਹੈ ਕਿ ਇਟਲੀ ਪ੍ਰਵਾਸੀਆਂ ਦਾ ਹਰਮਨ ਪਿਆਰਾ ਦੇਸ਼ ਹੋਣ ਕਾਰਨ ਸੰਨ 1990 ਤੋਂ ਸੰਨ 2020 ਤੱਕ 16 ਲੱਖ 20 ਹਜ਼ਾਰ ਪ੍ਰਵਾਸੀਆਂ ਨੇ ਇਟਾਲੀਅਨ ਨਾਗਰਿਕਤਾ ਹਾਸਲ ਕੀਤੀ ਹੈ ਤੇ ਇਸ ਸਮੇਂ ਦੇਸ਼ ਵਿੱਚ ਸਭ ਤੋਂ ਵੱਧ ਚਾਈਨੀ ਪ੍ਰਵਾਸੀਆਂ ਦੀ ਗਿਣਤੀ ਹੈ।ਰਾਸ਼ਟਰੀ ਏਜੰਸੀ ਇਸਤਤ ਅਨੁਸਾਰ ਸੰਨ 2022 ਵਿੱਚ ਸਰਕਾਰ ਨੇ 37 ਲੱਖ ਪ੍ਰਵਾਸੀਆਂ ਨੂੰ ਇਟਲੀ ਦੀ ਨਿਵਾਸ ਆਗਿਆ ਦਿੱਤੀ ਜਿਸ ਵਿੱਚ 15 ਲੱਖ ਪ੍ਰਵਾਸੀਆਂ ਨੂੰ ਅਸਥਾਈ ਤੇ 22 ਲੱਖ ਨੂੰ ਸਥਾਈ ਨਿਵਾਸ ਆਗਿਆ ਮਿਲੀ ਹੈ।

# ਗੁਰੂ ਹਰਿਗੋਬਿੰਦ ਸਾਹਿਬ ਗੁਰਦੁਆਰਾ ਡਾਰਟਫੋਰਡ ਕੈਂਟ ਵਿਖੇ ਗ੍ਰੰਥੀ ਸਿੰਘ ਦੀ ਤੁਰੰਤ ਲੋੜ ਹੈ

ਇਸ ਗੁਰਦੁਆਰਾ ਸਾਹਿਬ ਵਿਖੇ ਗ੍ਰੰਥੀ ਸਿੰਘ ਦੀ ਤੁਰੰਤ ਲੋੜ ਹੈ, ਜੋ ਕੀਰਤਨ ਅਤੇ ਤਬਲਾ ਚੰਗੀ ਤਰ੍ਹਾਂ ਜਾਣਦਾ ਹੋਵੇ। ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀਆਂ ਸੇਵਾਵਾਂ ਜਿਹਨਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਨਾ, ਨਿੱਤਨੇਮ ਦੀ ਸੇਵਾ, ਸੁਖਮਨੀ ਸਾਹਿਬ ਦਾ ਪਾਠ, ਸਹਿਜ ਪਾਠ, ਸ੍ਰੀ ਅਖੰਡ ਪਾਠ ਸਾਹਿਬ ਆਦਿ ਸ਼ਾਮਿਲ ਹਨ। ਉਸ ਦੇ ਕੋਲ ਸਿੱਖ ਧਰਮ ਬਾਰੇ ਗਿਆਨ ਹੋਣਾ ਲਾਜ਼ਮੀ ਹੈ। ਕੰਮ ਅਤੇ ਯੂ ਕੇ ਦੇ ਇੰਪਲਾਇਮੈਂਟ ਕਾਨੂੰਨ ਦੇ ਮੁਤਾਬਕ ਤਨਖਾਹ, ਖਾਣਾ ਤੇ ਰਿਹਾਇਸ਼ ਮੁਫ਼ਤ ਗੁਰਦੁਆਰਾ ਸਾਹਿਬ ਵਿਖੇ ਦਿੱਤੀ ਜਾਵੇਗੀ। ਯੂ ਕੇ ਵਿੱਚ ਕੰਮ ਕਰਨ ਦੀ ਕਾਨੂੰਨੀ ਆਗਿਆ ਹੋਣੀ ਲਾਜ਼ਮੀ ਹੈ। ਹਫ਼ਤੇ ਦਾ ਘੱਟੋ-ਘੱਟ 23 ਘੰਟੇ ਕੰਮ ਹੋਵੇਗਾ। ਤਨਖਾਹ £11·44 ਪੌਂਡ ਘੰਟੇ ਦੀ ਹੋਵੇਗੀ।

ਆਪਣੇ ਪੂਰੇ ਵੇਰਵੇ ਸਮੇਤ ਅਰਜ਼ੀਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੇਠਾਂ ਦਿੱਤੇ ਪਤੇ 'ਤੇ 3 ਅਪਰੈਲ 2024 ਤੱਕ ਭੇਜੋ ਜੀ।

## VACANCY for RELIGIOUS WORKER at GURU HARGOBIND SAHIB GURDWARA, DARTFORD, KENT

Religious worker required at Guru Hargobind Sahib Gurdwara, Dartford, Kent. He Must have sufficient experience to do the Paath reciting Guru Granth Sahib with good command, and also they must know to do Kirtan (Hyms) and play Tabla (Drums). He would be performing all the Gurdwara duties as per our requirements. Must have right to work in uk. Accommodation and meals free and Salary £11.44 per hour.

**Minimum hours will be 23hrs. per week.**

**Please send your applications to Gurdwara management committee on address given below or Email: info@gghs.org.uk**

**CLOSING DATE: 3rd APRIL 2024**

## GURDWARA GURU HARGOBIND SAHIB

8-10 Highfield Road, Dartford, Kent, DA1 2JJ (Charity No.1127047)



# ਨਿਰਮਾਣ ਸੇਵਕ ਜਥਾ ਸਿੱਖ ਟੈਂਪਲ, ਬ੍ਰਿਸਟਲ ਵਿਖੇ ਕੀਰਤਨੀ ਜਥੇ (ਦੋ ਧਾਰਮਿਕ ਸੇਵਾਦਾਰਾਂ) ਦੀ ਲੋੜ

**An opportunity has arisen for two Religious Workers at Nirman Sewak Jatha Sikh Heritage Ltd in Bristol**

**The duties of the Religious Workers will include:**

Reading from Guru Granth Sahib Ji, Hymn singing, reciting prayers. Assisting and conducting daily and weekly Diwans, marriages, engagements, funerals and other religious ceremonies. Should be able to teach Gurbani Kirtan, Path and playing instruments (i.e. Vaaja and Tabla). Working collaboratively with the Managing Committee and volunteers. The workers will be responsible for locking and unlocking the Gurdwara premises.

**LOCATION: BRISTOL UK, NIRMAN SEWAK JATHA**
**11 SUMMERHILL ROAD, ST. GEORGE, BRISTOL UK BS5 8HG**

**REQUIREMENTS:** Must be able to read and speak Punjabi (Gurmukhi). Clean character certificate required from previous employer. Should have good communicational and interpersonal skills. A clean DBS or equivalent check is required if accepted. Preference will be given to qualified and experienced candidates who should be a UK resident or have the right to work in the UK.

**DURATION & REMUNERATION:** Employment will consist of 20 hours per week. The first 3 months will be a probation period. If performance is satisfactory the duration could be extended to 12 Months.

**RATE: Salary will be in accordance to UK employment law, plus reasonable expenses.**

**HOW TO APPLY:** CV supplemented with video evidence and the details of 2 referees.

**CLOSING DATE: 3rd April 2024**

**PLEASE APPLY TO ADDRESS BELOW OR CONTACT MR. BALDEV SINGH ROUDH 07830517552**
**Email: secretary@nirmansewakjatha.org.uk**

## Nirman Sewak Jatha - Sikh Temple, Bristol

11 SUMMERHILL ROAD, ST. GEORGE, BRISTOL, BS5 8HG, U.K.



# GSD

# GSD ESTATE AGENTS

**RESIDENTIAL & COMMERCIAL PROPERTY EXPERTS**

**SALES • LETTINGS • MANAGEMENT**

**EXPERIENCED & INDEPENDENT FAMILY OWNED & OPERATED**

**How much is your home worth ?**
More properties wanted for qualified applicants
We can sell or let your properties fast
2-3 year rent guarantee schemes available

# ਜੀ. ਐਸ. ਡੀ. ਇਸਟੇਟ ਏਜੰਟਸ

**ਤੁਹਾਡੇ ਘਰ ਦੀ ਕਿੰਨੀ ਕੀਮਤ ਹੈ ?**

ਤੁਹਾਡੀ ਜਾਇਦਾਦ ਵੇਚਣ ਜਾਂ ਕਿਰਾਏ 'ਤੇ ਦੇਣ ਲਈ ਤੁਹਾਡੀ ਮਦਦ ਕਰ ਸਕਦੇ ਹਾਂ।
ਯੋਗ ਅਰਜ਼ੀ ਕਰਤਾਵਾਂ ਲਈ ਹੋਰ ਜਾਇਦਾਦਾਂ ਚਾਹੀਦੀਆਂ ਹਨ।
ਗਰੰਟੀ 'ਤੇ ਕਿਰਾਏ ਲਈ 2-3 ਸਾਲ ਦੀਆਂ ਯੋਜਨਾਵਾਂ ਵੀ ਉਪਲੱਬਧ ਹਨ।
ਜਾਇਦਾਦ ਸਬੰਧੀ ਤਜ਼ਰਬੇਕਾਰ ਤੇ ਪ੍ਰੋਫ਼ੈਸ਼ਨਲ ਮਾਹਿਰਾਂ ਦੀ ਸਲਾਹ ਜ਼ਰੂਰ ਲਵੋ

**EXCELLENCE AS STANDARD** *Supporting a greener future*

**Director: Mr Gurjeet Singh Dhariwal**

Visit our website: www.gsdestates.com
Tel: 020 8570 1284 Email: info@gsdestates.com
10 New Heston Road, Heston, TW5 0LJ

GSD Estate Agents Ltd. Company No: 06529322. All rights reserved



# ਸੁਮਨ ਮੈਰਿਜ ਬਿਊਰੋ (ਇੰਟਰਨੈਸ਼ਨਲ)

## UK's FIRST ASIAN MARRIAGE BUREAU

**Guaranteed introduction service - Since 1972**

CURRENTLY SEEKING MATCHES FOR THE FOLLOWING JAT SIKH GIRLS (F) & BOYS (M) - (*with turban/beard):

| | | | | |
|---|---|---|---|---|
| 26 | 5'04" | BSc Optometry | Optometrist | Single (F) |
| 27 | 5'03" | B.A. History | Product Manager | Single (F) |
| 27 | 5'07" | M.D. | Doctor | Single (F) |
| 29 | 5'09" | LLB (Hons) | Lawyer (Solicitor) | Single (F) |
| 29 | 5'08" | DDA | Dentist | Single (F) |
| 29 | 5'04" | LLB (Hons) , LPC | Trainee Solicitor | Single (F) |
| 29 | 5'07" | ACCA | Accountant | Single (F) |
| 27 | 6'02" | Graduate | Financial Sector | Single (M) |
| 29 | 5'10"+ | MBChB | Doctor-GP Training | Single (M) |
| 29* | 6'00" | M.Pharms | Pharmacy Area Man. | Single (M) |
| 29 | 6'04" | Graduation | Business Owner | Single (M) |
| 30 | 5'11" | Graduation | Business Owner | Single (M) |

**OVER 50 YEARS OF MATCHMAKING**

Please feel free to contact us to discuss your requirements in confidence and without any obligation! English/Punjabi spoken.

# SUMAN MARRIAGE BUREAU

**Bespoke Matchmaking Service**

**0121 582 9995 or 020 8571 5145**

WhatsApp/Signal: 07485 708717
Web: www.s-m-b.com Email: info@s-m-b.com

Providing a personal matchmaking service for all Asian communities
Follow us on Facebook: www.facebook.com/SumanMarriageBureau
Instagram: @SumanMarriageBureau

WE HAVE CLIENTS ALL OVER UK

# ਪੰਜਾਬੀ ਸਿੱਖਣ ਲਈ ਕਿਤਾਬਾਂ

## ਜੀ ਸੀ ਐਸ ਈ ਦੀ ਤਿਆਰੀ ਲਈ ਬੱਚਿਆਂ ਨੂੰ ਤੋਹਫ਼ੇ GIFT ਵਜੋਂ ਇਹ ਕਿਤਾਬਾਂ ਦਿਓ ਤੇ ਪੰਜਾਬੀ ਨਾਲ ਜੋੜੋ

ਜੇ ਤੁਹਾਡੇ ਬੱਚੇ ਜਾਂ ਤੁਸੀਂ ਪੰਜਾਬੀ ਪੜ੍ਹਨੀ ਲਿਖਣੀ ਸਿੱਖਣੀ ਚਾਹੁੰਦੇ ਹੋ, ਤਾਂ ਇਸ ਵਾਸਤੇ ਪੰਜਾਬ ਟਾਈਮਜ਼ ਵੱਲੋਂ 1 ਤੋਂ 4 ਲੈਵਲ ਤੱਕ ਚਾਰ ਪੁਸਤਕਾਂ ਸਿੱਖ ਸਕੂਲ ਭੈਟ ਕੰਮ, ਕੈਲੇਫੋਰਨੀਆ ਦੀ ਆਗਿਆ ਨਾਲ ਛਾਪੀਆਂ ਗਈਆਂ ਹਨ । ਇਹਨਾ (Work Books) ਦੀ ਮਦਦ ਨਾਲ ਤੁਸੀਂ ਆਸਾਨੀ ਨਾਲ ਬੱਚਿਆਂ ਨੂੰ ਪੰਜਾਬੀ ਸਿਖਾ ਸਕਦੇ ਹੋ ਇਹਨਾ ਪੁਸਤਕਾਂ ਨਾਲ ਅੰਗਰੇਜ਼ੀ ਰਾਹੀਂ ਪੰਜਾਬੀ ਸਿੱਖ ਸਕਦੇ ਹੋ ਪੁਸਤਕਾਂ ਦੀ ਕੀਮਤ ਕੇਵਲ ਲਾਗਤ ਮਾਤਰ ਹੀ ਰੱਖੀ ਗਈ ਹੈ । ਇਹ ਪੁਸਤਕਾਂ ਮੁਨਾਫ਼ਾ ਕਮਾਉਣ ਲਈ ਨਹੀਂ ਬਲਕਿ ਪੰਜਾਬੀ ਦੇ ਪ੍ਰਚਾਰ ਹਿੱਤ ਬਹੁਤ ਹੀ ਸਸਤੀਆਂ ਦਿੱਤੀਆਂ ਜਾ ਰਹੀਆਂ ਹਨ ।




ਇਹ ਕਿਤਾਬ ਤੁਹਾਡੇ ਆਪਣੇ ਗੋਰੇ ਸਾਥੀਆਂ ਨੂੰ ਦੇਣ ਲਈ ਵੀ ਬਹੁਤ ਲਾਭਦਾਇਕ ਹੈ । ਜਿਸ ਤੋਂ ਤੁਸੀਂ ਅੰਗਰੇਜ਼ੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਅੰਗਰੇਜ਼ੀ ਬੜੇ ਆਸਾਨ ਤਰੀਕੇ ਨਾਲ ਸਿੱਖ ਸਕਦੇ ਹੋ

4 ਕਿਤਾਬਾਂ ਦੇ ਸੈੱਟ ਦੀ ਕੀਮਤ ਕੇਵਲ £15.00 ਪੌਂਡ (ਡਾਕ ਖਰਚ ਸਮੇਤ) ਹੈ ਕਿਤਾਬਾਂ ਦੇ 10 ਸੈੱਟਾਂ ਤੋਂ ਉੱਪਰ ਆਰਡਰ ਤੇ ਡਿਸਕਾਊਂਟ ਦਿੰਦੇ ਹਾਂ ।

ਕਿਤਾਬਾਂ ਮੰਗਵਾਉਣ ਲਈ ਤੁਸੀਂ ਹੇਠਾਂ ਦਿੱਤੇ ਨੰਬਰਾਂ ਤੇ ਸੰਪਰਕ ਕਰ ਸਕਦੇ ਹੋ

**Whats App (M) 07966 388388**

## PANJAB TIMES

BRIDLE GATE LANE, ALVASTON, DERBY, DE24 0QW, U.K.
Email: panjabtimes@gmail.com,
www.panjabtimes.co.uk TEL: 01332 372 851
www.fb.com/punjabtimesuk



# ਨਾਨਕਸਰ ਗੁਰਦੁਆਰਾ, ਕਵੈਂਟਰੀ ਵਿਖੇ ਸੇਵਾਦਾਰਾਂ ਦੀ ਜ਼ਰੂਰਤ

## ਅਸਾਮੀਆਂ- ਨੌਕਰੀ ਦਾ ਸਿਰਲੇਖ: ਧਾਰਮਿਕ ਵਰਕਰ

ਧਾਰਮਿਕ ਵਰਕਰਾਂ ਦੀਆਂ ਅਸਾਮੀਆਂ ਲਈ ਨਾਨਕਸਰ ਗੁਰਦੁਆਰਾ ਗੁਰਸਿੱਖ ਟੈਂਪਲ ਕਵੈਂਟਰੀ ਵਿਖੇ ਇੱਕ ਮੌਕਾ ਪੈਦਾ ਹੋਇਆ ਹੈ ।ਸਾਨੂੰ ਹੇਠ ਲਿਖੀਆਂ ਡਿਊਟੀਆਂ ਨਿਭਾਉਣ ਲਈ ਧਾਰਮਿਕ ਵਰਕਰਾਂ ਦੇ ਕੀਰਤਨੀ ਜੱਥੇ ਦੀ ਲੋੜ ਹੈ:

**ਨੌਕਰੀ ਦਾ ਮਕਸਦ:** ਸਿੱਖ ਧਰਮ ਦੇ ਨਿਯਮਾਂ ਅਨੁਸਾਰ ਗੁਰਬਾਣੀ ਕੀਰਤਨ ਦੇ ਸ਼ਬਦ, ਕਥਾ ਕਰਨਾ ਅਤੇ ਸਮਝਣਾ ਅਤੇ ਹਾਰਮੋਨੀਅਮ ਅਤੇ ਤਬਲਾ ਵਜਾਉਣਾ । ਮੁੱਖ ਕੰਮਾਂ ਵਿੱਚ ਸ਼ਾਮਲ ਹੈ: ਕੀਰਤਨ, ਨਿਤਨੇਮ, ਸੁਖਮਨੀ ਸਾਹਿਬ ਪਾਠ, ਅਰਦਾਸ ਅਤੇ ਸੁਖਾਸਨ ਕਰਨ ਦੀਆਂ ਡਿਊਟੀਆਂ ਦੇ ਨਾਲ ਨਾਲ ਗੁਰਦੁਆਰੇ ਦੀਆਂ ਹੋਰ ਆਮ ਡਿਊਟੀਆਂ । ਸਿੱਖ ਮਰਿਆਦਾ ਅਨੁਸਾਰ ਵਿਆਹ, ਅੰਤਿਮ ਸੰਸਕਾਰ ਅਤੇ ਹੋਰ ਸਮਾਗਮਾਂ ਵਿੱਚ ਕੰਮ ਕਰਨਾ ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਰੋਜ਼ਾਨਾ ਸਿੱਖ ਅਰਦਾਸ ਦਾ ਪਾਠ ਕਰਨਾ, ਸ਼ਬਦ ਗਾਉਣਾ, ਹਫਤਾਵਾਰੀ ਦੀਵਾਨ ਦਾ ਆਯੋਜਨ ਕਰਨਾ ਅਤੇ ਸੰਗਤ ਨੂੰ ਸਿੱਖ ਧਰਮ ਦਾ ਪ੍ਰਚਾਰ ਕਰਨਾ। ਘਰ ਵਿਜ਼ਿਟ (ਦੌਰਾ) ਕਰਨਾ । ਸਾਰੀਆਂ ਅੰਦਰੂਨੀ ਟੀਮਾਂ, ਵਿਭਾਗਾਂ ਅਤੇ ਬਾਹਰੀ ਏਜੰਸੀਆਂ ਨਾਲ ਮਿਲ ਕੇ ਕੰਮ ਕਰਨਾ । ਗੁਰਦੁਆਰਾ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ ਕੋਈ ਹੋਰ ਕੰਮ । ਇਹ ਵਰਕਰ ਗੁਰਦੁਆਰੇ ਦੀ ਇਮਾਰਤ ਨੂੰ ਤਾਲਾ ਲਗਾਉਣ ਅਤੇ ਖੋਲਣ ਲਈ ਜ਼ਿੰਮੇਵਾਰ ਹੋਣਗੇ । ਵਰਕਰ ਸਿਰਫ ਮੁੱਖ ਗ੍ਰੰਥੀ ਦੀ ਮਦਦ ਕਰਨਗੇ ਅਤੇ ਸੰਗਤ ਦੀ ਅਗਵਾਈ ਕਰਨ ਵਿੱਚ ਸ਼ਾਮਲ ਨਹੀਂ ਹੋਣਗੇ ।

**ਕਰਮਚਾਰੀ ਦੇਖਭਾ** : ਕੰਮ ਦੇ ਘੰਟੇ: ਪ੍ਰਤੀ ਹਫਤੇ 20 ਘੰਟੇ ਤੋਂ 30 ਘੰਟੇ

**ਤਨਖਾਹ:** ਪ੍ਰਤੀ ਕੰਮਕਾਜੀ ਘੰਟੇ ਲਈ ਨੈਸ਼ਨਲ ਮਿਨੀਮਮ ਵੇਜ (ਸਰਕਾਰ ਦੁਆਰਾ ਨਿਯਤ ਕੀਤੀ ਪ੍ਰਤੀ ਘੰਟੇ ਲਈ ਘੱਟੋ ਘੱਟ ਤਨਖਾਹ) **ਲਾਭ:** ਰਿਹਾਇਸ਼ ਅਤੇ ਖਾਣਾ ਮੁਫਤ ਪ੍ਰਦਾਨ ਕੀਤਾ ਜਾਵੇਗਾ

**ਲੋੜਾਂ:** ਗੁਰਮੁਖੀ ਪੜ੍ਹਨ ਅਤੇ ਬੋਲਣ ਦੇ ਯੋਗ ਹੋਣਾ ਚਾਹੀਦਾ ਹੈ । ਕਾਫੀ ਤਜਰਬਾ ਅਤੇ ਅੰਮ੍ਰਿਤਧਾਰੀ (ਬੈਪਟਾਈਜ਼ਡ) ਹੋਣਾ ਲਾਜ਼ਮੀ ਹੈ । ਸਮਾਜਿਕ ਅਤੇ ਵਧੀਆ ਗੱਲਬਾਤ ਕਰਨ ਦੀ ਕਾਬਲੀਅਤ ।

**ਹੋਰ ਵੇਰਵੇ:** ਬਿਨੈਕਾਰ ਯੂ ਕੇ ਦੇ ਵਸਨੀਕ ਹੋਣ ਜਾਂ ਉਨ੍ਹਾਂ ਕੋਲ ਕੰਮ ਕਰਨ ਦਾ ਅਧਿਕਾਰ ਹੋਣਾ ਚਾਹੀਦਾ ਹੈ ।

Closing Date: Please send your CV to address or email before 4th March 2024
For more information contact: S. Bulraj Singh Johal - 07899 937663
or info@nanaksarglobal.com www.nanaksarglobal.com

## Nanaksar Gurdwara Gursikh Temple

*UK Registered Charity No. 512089*
**224-226 Foleshill Road, Coventry,**
**west midlands CV1 4HW (UK) Tel : (024) 7622 0434**


# HOW DR MANMOHAN SINGH SAVED THE INDIAN ECONOMY



DR Manmohan Singh worked with then prime minister PV Narasimha Rao to bring the new economic policy in 1991. The main objective of the policy was globalisation, economic growth, economic stability, and building the gap between the public and private sectors.Dr singh known for his leadership and his intense knowledge of economic takes on the most daunting task rescuing the indian economy.

1 Economic Liberalisation- Dr Singh acknowledged that the system of permit and license stipulates entrepreneurship, which requires business to obtain approvals.

2 Currency Devaluation- DR manmohan singh makes the difficult decision to devalue the Indian rupee, this isn't pop-



ular but he knows it will make the indian export more competitive and boost the country income.

3 Foreign Investment- DR Singh encourages foreign investment by simplifying regulations and making a attractive attractive destination for investors. This involved a influx of foreign capitial, technology and expertise to reform the economic crises in India.

4 Financial Sector Reforms- implementing the importance of powerful financial system, interest rates are liberalised and steps to make strong banking sector.

5 Fiscal Displine- It is essential to control inflation and stabilise the economy, taking precautions to subsidies on various commodities.

6 International Help- Dr Singh looks for reforming the nation looking for assistance from international monetary fund IMF exchange for financial support, India agreed to implement a set of reforms the Infrastructure and growth, understanding that the economy needs to increase, infrastructure needs to improve boosting technology, telecommunications and transportation.

7 Exportation- DR Singh promote industry focusing on exports, making it easier for indian goods to reach global markets. Overall Dr Manmohan Singh humble and pragmatic approach saved the indian economy in 1991, earning him gratitude from millions and legacy of indian modern economy landscape.

ਲੰਬੜਦਾਰ ਧਰਮਵੀਰ ਸਿੰਘ ਕਲੇਰ, ਕਵੈਂਟਰੀ

**From : LAMBARDAR DHARMVEER SINGH CLAIRE COVENTRY**

# ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਡਿਬਰੂਗੜ੍ਹ ਜੇਲ੍ਹ 'ਚ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਨਾਲ ਜੇਲ੍ਹ 'ਚ ਹੋ ਰਹੇ ਅੱਤਿਆਚਾਰ ਦੀ ਕੀਤੀ ਸਖ਼ਤ ਨਿਖੇਧੀ

ਅੰਮ੍ਰਿਤਸਰ: ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨਾਲ ਜੇਲ੍ਹ ਵਿਚ ਹੋ ਰਹੇ ਅੱਤਿਆਚਾਰ ਦੇ ਵਿਰੁੱਧ ਅਤੇ ਉਨ੍ਹਾਂ ਨੂੰ ਡਿਬਰੂਗੜ੍ਹ ਤੋਂ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨ ਲਈ ਅੰਮ੍ਰਿਤਸਰ ਵਿਖੇ ਉਨ੍ਹਾਂ ਦੇ ਪਰਿਵਾਰਾਂ ਵਲੋਂ ਰੱਖੀ ਭੁੱਖ ਹੜਤਾਲ ਪ੍ਰਤੀ ਸਰਕਾਰ ਦੇ ਘੋਰ ਅਣਦੇਖੀ ਭਰੇ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ ਹੈ। ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੇ ਪਰਿਵਾਰਾਂ ਵਲੋਂ ਭੁੱਖ ਹੜਤਾਲ ਸ਼ੁਰੂ ਕੀਤਿਆਂ ਇਕ ਹਫਤਾ ਹੋ ਚੱਲਿਆ ਹੈ ਪਰ ਅਜੇ ਤੱਕ ਪ੍ਰਸ਼ਾਸਨ ਜਾਂ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਨ੍ਹਾਂ ਦੀ ਗੱਲ ਸੁਣਨ ਤੱਕ ਨਹੀਂ ਆਇਆ ਜਦੋਂਕਿ ਅੰਮ੍ਰਿਤਪਾਲ ਸਿੰਘ ਤੇ ਸਾਥੀ ਸਿੰਘਾਂ ਵਲੋਂ ਡਿਬਰੂਗੜ੍ਹ ਜੇਲ੍ਹ ਵਿਚ 16 ਫਰਵਰੀ ਤੋਂ ਭੁੱਖ ਹੜਤਾਲ ਲਗਾਤਾਰ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦਾ



ਪੱਖਪਾਤੀ ਅਤੇ ਅਣਗੌਲਿਆ ਵਤੀਰਾ ਸਹੀ ਨਹੀਂ ਹੈ ਅਤੇ ਇਸ ਦੇ ਨਾਲ ਸਿੱਖਾਂ ਦੇ ਮਨਾਂ ਵਿਚ ਇਸ ਦੇਸ਼ ਅੰਦਰ ਬੇਗਾਨੇਪਨ ਅਤੇ ਵਿਤਕਰੇ ਦਾ ਅਹਿਸਾਸ ਪ੍ਰਬਲ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਨੇ ਕੋਈ ਜੁਰਮ ਨਹੀਂ ਕੀਤਾ, ਸਗੋਂ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਛੁਡਵਾ ਕੇ ਅੰਮ੍ਰਿਤਧਾਰੀ ਬਣਨ ਵੱਲ ਪ੍ਰੇਰਿਤ ਕਰਨ ਦੀ ਮੁਹਿੰਮ ਹੀ ਚਲਾਈ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਫੜ ਕੇ ਪੰਜਾਬ ਤੋਂ ਸੈਂਕੜੇ ਮੀਲਾਂ ਦੂਰ ਡਿਬਰੂਗੜ੍ਹ ਦੀ ਜੇਲ੍ਹ ਵਿਚ ਨਜ਼ਰਬੰਦ ਕਰਨਾ ਹੀ ਇਕ ਵੱਡੀ ਧੱਕੇਸ਼ਾਹੀ ਸੀ ਪਰ ਹੁਣ ਜੇਲ੍ਹ ਵਿਚ ਵੀ ਉਨ੍ਹਾਂ ਦੇ ਨਿੱਜਤਾ ਦੇ ਅਧਿਕਾਰ ਨਾਲ ਹਿੰਸਾ ਕਰਨ ਦੀਆਂ ਘਟਨਾਵਾਂ ਨੇ ਚਿੰਤਾਵਾਂ ਵਧਾ ਦਿੱਤੀਆਂ ਹਨ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਤੁਰੰਤ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਵਲੋਂ ਡਿਬਰੂਗੜ੍ਹ ਜੇਲ੍ਹ ਵਿਚ ਅਤੇ ਉਨ੍ਹਾਂ ਦੇ ਪਰਿਵਾਰਾਂ ਵਲੋਂ ਅੰਮ੍ਰਿਤਸਰ ਵਿਖੇ ਸ਼ੁਰੂ ਕੀਤੀ ਭੁੱਖ ਹੜਤਾਲ ਨੂੰ ਗੰਭੀਰਤਾ ਨਾਲ ਲੈ ਕੇ ਗੱਲ ਸੁਣਨੀ ਚਾਹੀਦੀ ਹੈ ਅਤੇ ਤਰਜੀਹੀ ਤੌਰ 'ਤੇ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਸਿੱਖ ਨੌਜਵਾਨਾਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨਾ ਚਾਹੀਦਾ ਹੈ।

# “ਹੁਣ ਆਪਣੇ ਘਰਾਂ 'ਚ ਝਾੜੂ ਰੱਖਣ ਤੋਂ ਵੀ ਡਰਦੇ ਵਿਰੋਧੀ”

ਨਕੋਦਰ : ਪੰਜਾਬ ਸਰਕਾਰ ਵੱਲੋਂ ਨਿੱਤ ਦਿਨ ਪੰਜਾਬ ਦੇ ਵਿਕਾਸ ਲਈ ਵੱਡੇ ਵੱਡੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਐ। ਇਸੇ ਦੇ ਚਲਦਿਆਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਲੰਧਰ ਵਿਚ ਕਰੀਬ 283 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ ਅਤੇ ਨਕੋਦਰ ਵਿਖੇ ਜੱਚਾ ਬੱਚਾ ਹਸਪਤਾਲ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਆਪਣੇ ਵਿਰੋਧੀਆਂ 'ਤੇ ਤਿੱਖੇ ਨਿਸ਼ਾਨੇ ਵੀ ਸਾਧੇ ਗਏ। ਜਲੰਧਰ ਵਿਖੇ ਮੁੱਖ ਮੰਤਰੀ



ਭਗਵੰਤ ਮਾਨ ਵੱਲੋਂ 283 ਕਰੋੜ ਰੁਪਏ ਦੇ ਵੱਖ ਵੱਖ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ ਅਤੇ ਨਕੋਦਰ ਵਿਖੇ ਜੱਚਾ ਬੱਚਾ ਹਸਪਤਾਲ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਆਖਿਆ ਕਿ ਪਹਿਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਣ 'ਤੇ ਜ਼ੋਰ ਲਾਇਆ ਹੋਇਆ ਸੀ ਪਰ ਹੁਣ ਉਨ੍ਹਾਂ ਦੀ ਸਰਕਾਰ ਇਮਾਨਦਾਰੀ ਨਾਲ ਕੰਮ ਕਰ ਰਹੀ ਐ। ਇਸ ਮੌਕੇ ਉਨ੍ਹਾਂ ਆਖਿਆ ਕਿ ਜਿਹੜੇ ਲੋਕ ਇਹ ਸਮਝਦੇ ਸੀ ਕਿ ਸਰਕਾਰ 'ਤੇ ਸਿਰਫ਼ ਉਨ੍ਹਾਂ ਦਾ ਹੱਕ ਐ, ਅੱਜ ਉਹ ਡਰਦੇ ਮਾਰੇ ਆਪਣੇ ਘਰਾਂ ਵਿਚ ਝਾੜੂ ਦੀ ਥਾਂ ਪੋਚਾ ਲਗਵਾਉਂਦੇ ਨੇ ਕਿਉਂਕਿ ਆਪ ਦੇ ਝਾੜੂ ਤੋਂ ਉਨ੍ਹਾਂ ਨੂੰ ਡਰ ਲਗਦਾ ਏ।

# ਸੰਸਦ ਮੈਂਬਰ ਰਵਨੀਤ ਬਿੱਟੂ ਤੇ ਭਾਰਤ ਭੂਸ਼ਣ ਆਸ਼ੂ ਸਣੇ ਸੰਜੇ ਤਲਵਾੜ 'ਤੇ ਮਾਮਲਾ ਦਰਜ

ਨਗਰ ਨਿਗਮ ਦਫ਼ਤਰ ਨੂੰ ਜ਼ਬਰਦਸਤੀ ਤਾਲਾ ਲਾਉਣ ਨੂੰ ਲੈ ਕੇ ਥਾਣਾ ਕੋਤਵਾਲੀ ਦੀ ਪੁਲਿਸ ਵੱਲੋਂ ਸੰਸਦ ਮੈਂਬਰ ਰਵਨੀਤ ਬਿੱਟੂ, ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ, ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਸੰਜੇ ਤਲਵਾੜ ਅਤੇ ਸਾਬਕਾ ਡਿਪਟੀ ਮੇਅਰ ਸ਼ਾਮ ਸੁੰਦਰ ਅਰੋੜਾ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਇਹ ਮਾਮਲਾ ਸਰਕਾਰੀ ਡਿਊਟੀ ਵਿੱਚ ਵਿਘਨ ਪਾਉਣ ਦੇ ਮੱਦੇਨਜ਼ਰ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਚੌਂਕੀਦਾਰ ਦੀ ਡਿਊਟੀ 'ਤੇ ਤਾਇਨਾਤ ਅਮਿਤ ਕੁਮਾਰ ਦੇ ਬਿਆਨ 'ਤੇ ਕਾਰਵਾਈ ਕੀਤੀ ਗਈ ਹੈ। ਅਮਿਤ ਕੁਮਾਰ ਨੇ ਪੁਲਿਸ ਨੂੰ ਦਿੱਤੇ ਬਿਆਨ ਵਿੱਚ ਦੱਸਿਆ ਕਿ ਉਹ ਨਗਰ ਨਿਗਮ ਜ਼ੋਨ-ਏ ਵਿੱਚ ਬਤੌਰ ਚੌਂਕੀਦਾਰ



ਡਿਊਟੀ ਕਰਦਾ ਹੈ।ਜਦੋਂ ਉਹ 27 ਫਰਵਰੀ ਨੂੰ ਕਾਰਪੋਰੇਸ਼ਨ ਦੇ ਮੇਨ ਗੇਟ 'ਤੇ ਡਿਊਟੀ 'ਤੇ ਤਾਇਨਾਤ ਸੀ ਤਾਂ ਉਕਤ ਲੋਕਾਂ ਨੇ ਕਾਰਪੋਰੇਸ਼ਨ ਦਫ਼ਤਰ ਅੰਦਰ ਦਾਖ਼ਲ ਹੋ ਕੇ ਜ਼ਬਰਦਸਤੀ ਦਫ਼ਤਰ ਨੂੰ ਤਾਲਾ ਲਗਾ ਕੇ ਸਰਕਾਰੀ ਡਿਊਟੀ ਵਿੱਚ ਰੁਕਾਵਟ ਪਾਈ । ਜਿਸ ਤੋਂ ਬਾਅਦ ਲੋਕਾਂ ਨੂੰ ਦਫ਼ਤਰ ਵਿੱਚ ਨਹੀਂ ਆਉਣ ਦਿੱਤਾ ਗਿਆ ।

# ਕਿਸਾਨਾਂ ਨੇ ਦਿੱਲੀ ਕੂਚ ਕਰਨ ਦਾ ਫੈਸਲਾ 3 ਦਿਨਾਂ ਲਈ ਕੀਤਾ ਮੁਲਤਵੀ

ਪੰਜਾਬ-ਹਰਿਆਣਾ ਦੇ ਸ਼ੰਭੂ ਅਤੇ ਖਨੌਰੀ ਸਰਹੱਦ 'ਤੇ ਸ਼ਿਫ ਅਤੇ ਹੋਰ ਮੰਗਾਂ ਨੂੰ ਲੈ ਕੇ ਕਿਸਾਨਾਂ ਦੇ ਅੰਦੋਲਨ ਦਾ ਅੱਜ (1 ਮਾਰਚ) 18ਵਾਂ ਦਿਨ ਹੈ। ਸ਼ੁਭਕਰਨ ਸਿੰਘ ਦੀ ਮੌਤ ਤੋਂ ਬਾਅਦ ਕਿਸਾਨਾਂ ਨੇ ਦਿੱਲੀ ਵੱਲ ਮਾਰਚ ਕਰਨ ਦਾ ਫੈਸਲਾ 29 ਫਰਵਰੀ ਤੱਕ ਮੁਲਤਵੀ ਕਰ ਦਿੱਤਾ ਸੀ ਪਰ ਫਿਰ ਵੀ 29 ਫਰਵਰੀ ਨੂੰ ਦਿੱਲੀ ਵੱਲ ਕਿਸਾਨਾਂ ਦੇ ਮਾਰਚ ਸਬੰਧੀ ਕੋਈ ਨਵਾਂ ਐਲਾਨ ਨਹੀਂ ਕੀਤਾ ਗਿਆ।

ਹੁਣ ਕਿਸਾਨ ਸ਼ੁਭ ਸਮਾਂ ਦੇਣ ਤੋਂ ਬਾਅਦ ਹੀ ਅੱਗੇ ਵਧਣ ਦਾ ਫੈਸਲਾ ਲੈਣਗੇ। ਕਿਸਾਨ ਆਗੂ ਸਰਵਣ ਪੰਧੇਰ ਅਤੇ ਜਗਜੀਤ ਡੱਲੇਵਾਲ ਨੇ ਦੱਸਿਆ ਕਿ ਸ਼ੁਭਕਰਨ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਅਰਦਾਸ 3 ਮਾਰਚ ਨੂੰ ਕੀਤੀ ਜਾਵੇਗੀ । ਜਿਸ ਤੋਂ ਬਾਅਦ ਹੀ ਅੱਗੇ ਵਧਣ ਦਾ ਫੈਸਲਾ ਲਿਆ ਜਾਵੇਗਾ। ਸ਼ੁਭਕਰਨ ਦਾ ਅੰਤਿਮ ਸੰਸਕਾਰ ਕੱਲ੍ਹ (29 ਫਰਵਰੀ) ਕੀਤਾ




ਗਿਆ ਸੀ। ਇਸ ਦੌਰਾਨ ਸਾਰੀਆਂ ਕਿਸਾਨ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਮੁੜ ਇੱਕ ਮੰਚ 'ਤੇ ਇਕੱਠੇ ਹੋਣ ਦੀ ਸੰਭਾਵਨਾ ਹੈ। ਕਿਸਾਨ ਆਗੂ ਜਗਜੀਤ ਡੱਲੇਵਾਲ ਨੇ ਕਿਹਾ ਕਿ ਸ਼ੁਭਕਰਨ ਨੇ ਸਰਕਾਰ ਦੇ ਅੱਤਿਆਚਾਰਾਂ ਦਾ ਸਬਰ ਨਾਲ ਲੜਨ ਲਈ ਕੁਰਬਾਨੀ ਦਿੱਤੀ ਹੈ। ਅਸੀਂ ਸਰਕਾਰ ਨੂੰ ਸਬਕ ਸਿਖਾਵਾਂਗੇ। ਉਹਨਾਂ ਨੇ ਕਿਹਾ ਕਿ ਕਿਸਾਨਾਂ ਦੇ ਦਬਾਅ ਹੇਠ ਸਰਕਾਰ ਨੇ ਸ਼ੁਭਕਰਨ ਨੂੰ ਸ਼ਹੀਦ ਐਲਾਨ ਦਿੱਤਾ। ਬੰਦ ਸੀਜ਼ਨ ਵਿੱਚ ਗੰਨੇ ਦੀ ਕੀਮਤ ਵਿੱਚ ਵਾਧਾ ਕਰਨਾ ਪਿਆ। ਹਰਿਆਣਾ ਵਿੱਚ ਸਰਕਾਰ ਨੂੰ ਕਰਜ਼ਿਆਂ 'ਤੇ ਵਿਆਜ ਅਤੇ ਜੁਰਮਾਨਾ ਮੁਆਫ ਕਰਨਾ ਪਿਆ। ਡੱਲੇਵਾਲ ਨੇ ਸਮੂਹ ਕਿਸਾਨ ਜਥੇਬੰਦੀਆਂ ਨੂੰ 3 ਮਾਰਚ ਨੂੰ ਸ਼ੁਭਕਰਨ ਦੀ ਅੰਤਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਕਿਸਾਨ ਆਗੂ ਸਰਵਣ ਪੰਧੇਰ ਨੇ ਕਿਹਾ ਕਿ ਆਪਣੀਆਂ ਮੰਗਾਂ ਨੂੰ ਲੈ ਕੇ ਅੰਦੋਲਨ ਜਾਰੀ ਹੈ। ਉਨ੍ਹਾਂ ਦੱਸਿਆ ਕਿ 3 ਮਾਰਚ ਨੂੰ ਪਿੰਡ ਬੱਲੋ ਦੀ ਦਾਣਾ ਮੰਡੀ ਵਿੱਚ ਭੋਗ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੇ ਕਿਸਾਨ ਅੰਦੋਲਨ ਨੂੰ ਪਿਆਰ ਕਰਨ ਵਾਲੇ ਲੋਕਾਂ ਨੂੰ ਇੱਥੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੇ ਨੀਮ ਫੌਜੀ ਬਲਾਂ ਨੇ ਕਿਸਾਨ ਨੂੰ ਸ਼ਹੀਦ ਕੀਤਾ ਹੈ। ਦੇਸ਼ ਦੇ 140 ਕਰੋੜ ਲੋਕ ਮੋਦੀ ਸਰਕਾਰ ਨੂੰ ਇਸ ਦਾ ਜਵਾਬ ਦੇਣਗੇ। ਉਹਨਾਂ ਨੇ ਕਿਹਾ ਕਿ ਮੰਗਾਂ ਪੂਰੀਆਂ ਹੋਣ ਤੱਕ ਅੰਦੋਲਨ ਜਾਰੀ ਰਹੇਗਾ। ਆਉਣ ਵਾਲੇ ਸਮੇਂ ਵਿੱਚ ਅੰਦੋਲਨ ਦੀ ਰੂਪ ਰੇਖਾ ਲੋਕਾਂ ਸਾਹਮਣੇ ਪੇਸ਼ ਕੀਤੀ ਜਾਵੇਗੀ।

# ਕੈਨੇਡਾ ਆਉਣ ਵਾਲੇ ਮੈਕਸਿਕਨ ਨਾਗਰਿਕਾਂ ਉੱਤੇ ਮੁੜ ਲਾਈਆਂ ਜਾਣਗੀਆਂ ਵੀਜ਼ਾ ਸਬੰਧੀ ਸ਼ਰਤਾਂ

ਕੈਨੇਡਾ ਆਉਣ ਵਾਲੇ ਮੈਕਸਿਕੋ ਦੇ ਕੁੱਝ ਨਾਗਰਿਕਾਂ ਉੱਤੇ ਵੀਜ਼ਾ ਸਬੰਧੀ ਸ਼ਰਤਾਂ ਮੁੜ ਲਾਈਆਂ ਜਾਣਗੀਆਂ। ਇਹ ਜਾਣਕਾਰੀ ਸਰਕਾਰੀ ਸੂਤਰ ਨੇ ਦਿੱਤੀ।




ਫੈਡਰਲ ਸਰਕਾਰ ਦਾ ਇਹ ਨਵਾਂ ਨਿਯਮ ਵੀਰਵਾਰ ਨੂੰ ਰਾਤੀਂ 11:30 ਵਜੇ ਤੋਂ ਲਾਗੂ ਹੋ ਜਾਵੇਗਾ। ਪਿਛਲੇ ਮਹੀਨੇ ਕੰਜ਼ਰਵੇਟਿਵਾਂ ਨੇ ਸਰਕਾਰ ਤੋਂ ਇਨ੍ਹਾਂ ਵੀਜ਼ਾ ਨਿਯਮਾਂ ਨੂੰ ਮੁੜ ਲਾਗੂ ਕਰਨ ਦੀ ਮੰਗ ਕੀਤੀ ਸੀ। ਕੰਜ਼ਰਵੇਟਿਵਾਂ ਵੱਲੋਂ ਰਫਿਊਜੀ ਸਬੰਧੀ ਦਾਅਵੇ ਠੁਕਰਾਏ ਜਾਣ ਦੇ ਮੁੱਦੇ ਉੱਤੇ ਚਿੰਤਾ ਪ੍ਰਗਟਾਈ ਜਾ ਰਹੀ ਸੀ। ਇੱਥੇ ਦੱਸਣਾ ਬਣਦਾ ਹੈ ਕਿ ਪਿਛਲੇ ਕੁੱਝ ਸਾਲਾਂ ਵਿੱਚ ਮੈਕਸਿਕੋ ਤੋਂ ਪਨਾਹ ਲੈਣ ਲਈ ਕੈਨੇਡਾ ਨੂੰ ਮਿਲ ਰਹੀਆਂ ਅਰਜ਼ੀਆਂ ਵਿੱਚ ਚਿੰਤਾਜਨਕ ਵਾਧਾ ਹੋਇਆ ਹੈ। ਪਰ ਮੈਕਸਿਕੋ ਦੇ ਬਿਨੈਕਾਰਾਂ ਨੂੰ ਹੋਰਨਾਂ ਦੇਸ਼ਾਂ ਦੇ ਬਿਨੈਕਾਰਾਂ ਨਾਲੋਂ ਘੱਟ ਰਫਿਊਜੀ ਦਰਜਾ ਹਾਸਲ ਹੋ ਰਿਹਾ ਹੈ। ਅਜਿਹਾ ਅੰਸ਼ਕ ਤੌਰ ਉੱਤੇ 2016 ਵਿੱਚ ਸਰਕਾਰ ਵੱਲੋਂ ਮੈਕਸਿਕੋ ਦੇ ਲੋਕਾਂ ਤੋਂ ਵੀਜ਼ਾ ਦੀ ਸ਼ਰਤ ਹਟਾ ਲਏ ਜਾਣ ਦੇ ਫੈਸਲੇ ਕਾਰਨ ਹੋ ਰਿਹਾ ਹੈ। ਇਸ ਫੈਸਲੇ ਕਾਰਨ ਮੈਕਸਿਕੋ ਦੇ ਲੋਕਾਂ ਲਈ ਕੈਨੇਡਾ ਵਿੱਚ ਪਨਾਹ ਲੈਣਾ ਸੁਖਾਲਾ ਹੋ ਗਿਆ ਸੀ। ਟੋਰੀਜ਼ ਦਾ ਕਹਿਣਾ ਹੈ ਕਿ ਇਸ ਤਬਦੀਲੀ ਕਾਰਨ ਹੀ ਫਰੌਡ ਵੱਧ ਗਿਆ ਤੇ ਅਸਾਇਲਮ ਸਿਸਟਮ ਦੀ ਦੁਰਵਰਤੋਂ ਦੇ ਨਾਲ ਨਾਲ ਇਸ ਉੱਤੇ ਬੋਝ ਵੀ ਵਧਿਆ। ਇਸ ਦੇ ਨਾਲ ਹੀ ਜਾਇਜ਼ ਦਾਅਵੇ ਕਰਨ ਵਾਲਿਆਂ ਦੀ ਅਰਜ਼ੀਆਂ ਸਵੀਕਾਰਨ ਵਿੱਚ ਵੀ ਦੇਰ ਹੋਣ ਲੱਗੀ।

# ਕੈਨੇਡਾ ਦੇ ਇਮੀਗ੍ਰੇਸ਼ਨ ਮੰਤਰੀ ਨੇ ਅੰਤਰਰਾਸ਼ਟਰੀ ਵਿਦਿਆਰਥੀਆਂ ਦੀ ਲੁੱਟ-ਖਸੁੱਟ ਕਰਨ ਵਾਲੇ ਸਕੂਲਾਂ ਨੂੰ ਦਿੱਤੀ ਚੇਤਾਵਨੀ



ਕੈਨੇਡਾ ਦੇ ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਹੈ ਕਿ ਅੰਤਰਰਾਸ਼ਟਰੀ ਵਿਦਿਆਰਥੀਆਂ ਦਾ ਸ਼ੋਸ਼ਣ ਕਰਨ ਵਾਲੇ ਸਕੂਲਾਂ ਖਿਲਾਫ ਸੂਬਾ ਸਰਕਾਰਾਂ ਨੇ ਕਾਰਵਾਈ ਨਾ ਕੀਤੀ ਤਾਂ ਫੈਡਰਲ ਸਰਕਾਰ ਉਨ੍ਹਾਂ ਖਿਲਾਫ ਐਕਸ਼ਨ ਲਵੇਗੀ। ਉਨ੍ਹਾਂ ਕਿਹਾ ਕਿ ਜੇਕਰ ਸੂਬਾ ਸਰਕਾਰ ਵੱਲੋਂ ਬੱਚਿਆਂ ਦੀ ਲੁੱਟ-ਘਸੁੱਟ ਕਰਨ ਵਾਲਿਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਓਟਵਾ ਅੰਤਰਰਾਸ਼ਟਰੀ ਵਿਦਿਆਰਥੀ ਪ੍ਰੋਗਰਾਮ ਦਾ ਸ਼ੋਸ਼ਣ ਕਰਨ ਵਾਲੇ ਸ਼ੱਕੀ ਵਿਦਿਅਕ ਅਦਾਰਿਆਂ ਨੂੰ ਬੰਦ ਕਰਨ ਲਈ ਤਿਆਰ ਹੈ। ਮਿੱਲਰ ਨੇ ਕਿਹਾ ਕਿ ਕਿਹਾ ਕਿ ਅਜਿਹੇ ਵਿੱਦਿਅਕ ਅਦਾਰਿਆਂ ਨੂੰ ਬੰਦ ਕਰ ਦੇਣਾ ਚਾਹੀਦਾ ਹੈ। ਇਹ ਸਾਰੀ ਗੱਲ ਕੈਨੇਡਾ ਦੇ ਇਮੀਗ੍ਰੇਸ਼ਨ ਮੰਤਰੀ ਮਿੱਲਰ ਵੱਲੋਂ ਪਾਰਲੀਮੈਂਟ ਵਿਚ ਕਹੀ ਗਈ ਤੇ ਨਾਲ ਹੀ ਕਿਹਾ ਗਿਆ ਕਿ ਅਜਿਹੇ ਅਪਰਾਧੀ ਪ੍ਰਾਈਵੇਟ ਸੈਕਟਰ ਵਿਚ ਹਨ। ਉਨ੍ਹਾਂ ਕਿਹਾ ਕਿ ਜੇਕਰ ਸੂਬਾ ਸਰਕਾਰ ਸ਼ੱਕੀ ਵਿੱਦਿਅਕ ਅਦਾਰਿਆਂ ਖਿਲਾਫ ਕਾਰਵਾਈ ਕਰਨ ਵਿਚ ਅਸਮਰਥ ਹਨ ਤਾਂ ਓਟਵਾ ਸਰਕਾਰ ਉਨ੍ਹਾਂ ਵਿਰੁੱਧ ਕਦਮ ਚੁੱਕਣ ਲਈ ਤਿਆਰ ਹੈ। ਮਿੱਲਰ ਨੇ ਦੱਸਿਆ ਕਿ ਕੈਨੇਡਾ ਵਿਚ ਪੜ੍ਹਨ ਲਈ ਵੀਜ਼ਾ ਵਾਲੇ ਵਿਦੇਸ਼ੀ ਵਿਦਿਆਰਥੀਆਂ ਦੀ ਗਿਣਤੀ ਪਿਛਲੇ ਸਾਲ 900,000 ਤੋਂ ਵੱਧ ਗਈ, ਜੋ ਪਿਛਲੇ ਸਮੇਂ ਨਾਲੋਂ ਤਿੰਨ ਗੁਣਾ ਵੱਧ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ੀ ਵਿਦਿਆਰਥੀਆਂ ਦੇ ਦਾਖਲੇ ਵਿੱਚ ਵਾਧੇ ਨੇ ਅੰਤਰਰਾਸ਼ਟਰੀ ਵਿਦਿਆਰਥੀ ਪ੍ਰੋਗਰਾਮ ਦੀ ਜਾਂਚ ਵਿੱਚ ਵਾਧਾ ਕੀਤਾ ਹੈ, ਜਿਸ ਨਾਲ ਲਿਬਰਲਾਂ ਨੂੰ ਅਗਲੇ ਦੋ ਸਾਲਾਂ ਲਈ ਨਵੇਂ ਅਧਿਐਨ ਪਰਮਿਟਾਂ 'ਤੇ ਕੈਪ ਲਗਾਉਣ ਲਈ ਪ੍ਰੇਰਿਆ ਗਿਆ ਹੈ।

# 'ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ 'ਤੇ ਹਾਈਕੋਰਟ ਸਖ਼ਤ, ਬਿਨਾਂ ਇਜਾਜ਼ਤ ਨਹੀਂ ਮਿਲੇਗੀ ਫਰਲੋ

ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਦੋ ਸਾਧਵੀਆਂ ਦੇ ਯੌਨ ਸ਼ੋਸ਼ਣ ਅਤੇ ਕਤਲ ਦੇ ਮਾਮਲਿਆਂ ਵਿੱਚ ਸਜ਼ਾ ਕੱਟ ਰਹੇ ਰਾਮ ਰਹੀਮ ਨੂੰ ਪੈਰੋਲ ਦੇਣ ਵਿੱਚ ਸਖ਼ਤੀ ਦਿਖਾਈ ਹੈ। ਵੀਰਵਾਰ ਨੂੰ ਹਾਈਕੋਰਟ ਨੇ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦਿੱਤੇ ਜਾਣ ਨੂੰ ਲੈ ਕੇ ਹਰਿਆਣਾ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ। ਨਾਲ ਇਹ ਵੀ ਕਿਹਾ ਹੈ ਕਿ ਡੇਰਾ ਮੁਖੀ ਨੂੰ ਬਿਨਾਂ ਇਜਾਜ਼ਤ ਪੈਰੋਲ ਹੋਰ ਨਾ ਦਿੱਤੀ ਜਾਵੇ। ਇਸ ਮਾਮਲੇ ਦੀ ਅਗਲੀ ਸੁਣਵਾਈ 13




ਮਾਰਚ ਨੂੰ ਹੋਵੇਗੀ। ਇਸ ਤੋਂ ਪਹਿਲਾਂ ਵੀ ਸੁਣਵਾਈ ਦੌਰਾਨ ਹਾਈਕੋਰਟ ਨੇ ਹਰਿਆਣਾ ਸਰਕਾਰ ਨੂੰ ਫਟਕਾਰ ਲਾਈ ਸੀ ਅਤੇ ਪੁੱਛਿਆ ਸੀ ਕਿ ਉਹ ਇਸ ਮਾਮਲੇ 'ਚ ਜਵਾਬ ਦੇਣ ਤੋਂ ਕਿਉਂ ਬਚ ਰਹੀ ਹੈ। ਐਕਟਿੰਗ ਚੀਫ਼ ਜਸਟਿਸ ਰਿਤੂ ਬਾਹਰੀ ਦੀ ਬੈਂਚ ਨੇ ਹਰਿਆਣਾ ਸਰਕਾਰ ਤੋਂ ਪੁੱਛਿਆ ਸੀ ਕਿ ਕੀ ਪੈਰੋਲ ਦਾ ਜੋ ਲਾਭ ਡੇਰਾ ਮੁਖੀ ਨੂੰ ਸਮੇਂ-ਸਮੇਂ 'ਤੇ ਦਿੱਤਾ ਜਾ ਰਿਹਾ ਹੈ, ਉਸੇ ਤਰ੍ਹਾਂ ਹੋਰ ਕੈਦੀਆਂ ਨੂੰ ਵੀ ਇਹ ਲਾਭ ਦਿੱਤਾ ਜਾ ਰਿਹਾ ਹੈ ਜਾਂ ਨਹੀਂ?

# ਪਰਿਵਾਰਕ ਡਰਾਮਾ, ਡਰਾਵਣੀ ਅਤੇ ਡਬਲਡੋਜ ਕਾਮੇਡੀ ਵਾਲੀ ਫ਼ਿਲਮ 'ਬੂ ਮੈਂ ਡਰ ਗਈ'

ਕਰੋਨਾ ਕਾਲ ਤੋਂ ਬਾਅਦ ਪੰਜਾਬੀ ਸਿਨਮਾ ਵਿਚ ਕਦਮ ਦਰ ਕਦਮ ਬਾਲੀਵੁਡ ਪਧਰ ਦਾ ਬਦਲਾਵ ਵੇਖਿਆ ਜਾ ਰਿਹਾ ਹੈ। ਜਿੱਥੇ ਸਮਾਜਕ ਵਿਸ਼ਿਆ ਦੀਆਂ ਅਰਥ ਭਰਪੂਰ ਕਹਾਣੀਆ ਤੇ ਕੰਮ ਹੋ ਰਿਹਾ ਹੈ, ਉੱਥੇ ਨਿਰਦੇਸ਼ਨ ਅਤੇ ਤਕਨੀਕੀ ਕੰਮਾਂ ਵਿਚ ਵੀ ਚੰਗਾ ਨਿਖਾਰ ਆ ਰਿਹਾ ਹੈ। ਵਿਸ਼ਿਆਂ ਦੀ ਗੱਲ ਕਰੀਏ ਤਾਂ ਕਾਮੇਡੀ ਦੇ ਨਵੇਂ ਨਵੇਂ ਰੰਗ ਵੇਖਣ ਨੂੰ ਮਿਲਣਗੇ। ਅਜਿਹੀ ਹੀ ਇਕ ਫ਼ਿਲਮ ਹੈ "ਬੂ ਮੈਂ ਡਰਗੀ ...", ਜੋ ਪਹਿਲੀ ਪੰਜਾਬੀ ਫ਼ਿਲਮ ਹੋਵੇਗੀ ਜਿਸਨੂੰ ਵੇਖਦਿਆਂ ਦਰਸ਼ਕ ਡਰਦੇ-ਡਰਦੇ ਹੱਸਣ ਲਈ ਮਜਬੂਰ ਹੋਣਗੇ। ਇਕ ਜ਼ਮਾਨਾ ਸੀ ਜਦ ਹਿੰਦੀ ਸਿਨਮਾ ਵਿਚ ਜਾਨੀ ਦੁਸ਼ਮਣ , ਬੰਦ ਦਰਵਾਜਾ,ਤਹਿਖਾਨਾ ਵਰਗੀਆ ਖੌਫ਼ਨਾਕ ਫ਼ਿਲਮਾਂ ਦਾ ਬੋਲਬਾਲਾ ਹੁੰਦਾ ਸੀ।ਕਈ ਸਾਲਾਂ ਬਾਅਦ ਹੁਣ ਇਹ ਦੌਰ ਪੰਜਾਬੀ ਫ਼ਿਲਮ "ਬੂ ਮੈਂ ਡਰਗੀ" ਨਾਲ ਮੁੜ ਦੁਹਰਾਇਆ ਜਾ ਰਿਹਾ ਹੈ।

ਨੈਕਸਟ ਇਮੇਜ ਇੰਟਰਟੇਨਮੈਂਟ' ਦੀ ਪੇਸ਼ਕਸ਼ ਲੇਖਕ ਰਾਜੂ ਵਰਮਾ ਦੀ ਲਿਖੀ ਇਸ ਫ਼ਿਲਮ ਦੇ ਨਿਰਦੇਸ਼ਕ ਮਨਜੀਤ ਸਿੰਘ ਟੋਨੀ ਹਨ । ਜਿਸਨੇ ਦੱਸਿਆ ਕਿ ਫ਼ਿਲਮ 'ਚ ਪਹਾੜੀ



ਪਿੰਡਾਂ ਦੀ ਜ਼ਿੰਦਗੀ, ਸਮੱਸਿਆਵਾਂ ਅਤੇ ਉੱਥੋਂ ਦੇ ਲੋਕਾਂ ਦਾ ਰਹਿਣ ਸਹਿਣ ਪਹਿਲੀ ਵਾਰ ਕਿਸੇ ਪੰਜਾਬੀ ਫਿਲਮ ਵਿੱਚ ਨਜ਼ਰ ਆਵੇਗਾ। ਇਹ ਫ਼ਿਲਮ ਸਿਨਮਾ ਪ੍ਰੇਮੀਆਂ ਦਾ ਖੂਬ ਮਨੋਰੰਜਨ ਕਰਨ ਵਾਲੀ ਹੈ ਕਿਉਂਕਿ ਫ਼ਿਲਮ ਕਾਮੇਡੀ ਦੇ ਨਾਲ-ਨਾਲ ਡਰਾਵਨੀ ਵੀ ਹੋਵੇਗੀ। ਫ਼ਿਲਮ ਦੀ ਕਹਾਣੀ ਇੱਕ ਪਿੰਡ ਦੇ ਇਰਦ-ਗਿਰਦ ਘੁੰਮਦੀ ਹੈ । ਪਿੰਡ ਵਿੱਚ ਰਹਿਣ ਵਾਲੇ ਲੋਕ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਦਾ ਸਾਹਮਣੇ ਕਰਦੇ ਹਨ । ਇਨਾਂ ਮੁਸ਼ਕਿਲਾਂ ਵਿੱਚੋਂ ਨਿਕਲਣ ਲਈ ਲੋਕ ਕਈ ਤਰ੍ਹਾਂ ਦੇ ਪਾਪੜ ਵੇਲਦੇ ਹਨ ਆਦਿ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਪਰਦੇ ਤੇ ਪੇਸ਼ ਕੀਤਾ ਗਿਆ ਹੈ। ਇਹ ਫ਼ਿਲਮ ਪੰਜਾਬ ਦੇ ਨਾਲ ਨਾਲ ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਦੇ ਦਰਸ਼ਕਾਂ ਲਈ ਵੀ ਖਿੱਚ ਦਾ ਕੇਂਦਰ ਬਣੇਗੀ।

'ਨੈਕਸਟ ਇਮੇਜ ਇੰਟਰਟੇਨਮੈਂਟ' ਦੀ ਪੇਸ਼ਕਸ਼ ਇਸ ਫ਼ਿਲਮ ਦੇ ਨਿਰਮਾਤਾ ਸੋਨੀ ਨੱਢਾ, ਕਰਮਜੀਤ ਥਿੰਦ, ਪਰਵਿੰਦਰ ਨੱਢਾ ਨੇ ਕਿਹਾ ਕਿ ਪੰਜਾਬੀ ਫਿਲਮ ਇੰਡਸਟਰੀ ਵਿੱਚ ਇਹ ਪਹਿਲੀ ਹੌਰਰ ਫਿਲਮ ਹੈ ਅਤੇ ਫ਼ਿਲਮ ਦੀ ਸ਼ੂਟਿੰਗ ਵੀ ਅਜਿਹੀਆਂ ਲੋਕੇਸ਼ਨਾਂ 'ਤੇ ਕੀਤੀ ਹੈ ਜਿੰਨਾ ਦੀ ਗਿਣਤੀ ਦੇਸ਼ ਦੀਆਂ ਸਭ ਤੋਂ ਹੌਂਟਡ ਲੋਕੇਸ਼ਨਾਂ 'ਚ ਕੀਤੀ ਜਾਂਦੀ ਹੈ ਅਤੇ ਇਨ੍ਹਾਂ ਲੋਕੇਸ਼ਨਾਂ 'ਤੇ ਆਮ ਲੋਕ ਦਿਨ ਵੇਲੇ ਹੀ ਜਾਣ ਤੋਂ ਕਤਰਾਉਂਦੇ ਹਨ।ਮਲਟੀਸਟਾਰ ਕਾਸਟ ਵਾਲੀ ਇਸ ਫ਼ਿਲਮ ਵਿਚ ਰੌਸ਼ਨ ਪ੍ਰਿੰਸ ਅਤੇ ਈਸ਼ਾ ਰਿਖੀ ਤੋਂ ਇਲਾਵਾ ਯੋਗਰਾਜ ਸਿੰਘ, ਬੀ ਐਨ ਸ਼ਰਮਾ, ਹਾਰਬੀ ਸੰਘਾ, ਅਨੀਤਾ ਦੇਵਗਨ, ਹਰਦੀਪ ਗਿੱਲ, ਪ੍ਰਕਾਸ਼ ਗਾਧੂ, ਦਿਲਾਵਰ ਸਿੱਧੂ, ਬਾਲ ਕਲਾਕਾਰ ਅਨਮੋਲ ਵਰਗਾ, ਗੁਰਮੀਤ ਸਾਜਨ, ਸਤਿੰਦਰ ਕੌਰ, ਗੁਰਪ੍ਰੀਤ ਕੌਰ ਭੰਗੂ, ਜੱਗੀ ਧੂਰੀ, ਗੁਰਚੇਤ ਚਿੱਤਰਕਾਰ,ਅਤੇ ਨਿਸ਼ਾ ਬਾਨੋਂ ਸਮੇਤ ਹੋਰ ਕਈ ਕਲਾਕਾਰ ਅਹਿਮ ਭੂਮਿਕਾਵਾਂ ਚ ਨਜ਼ਰ ਆਉਣਗੇ।ਇਸ ਫ਼ਿਲਮ ਦੇ ਗੀਤ ਗਾਇਕ ਨਿੰਜਾ, ਗੁਰਲੇਜ ਅਖ਼ਤਰ, ਰੌਸ਼ਨ ਪ੍ਰਿੰਸ, ਮੰਨਤ ਨੂਰ, ਸ਼ਿਵਜੋਤ ਨੇ ਗਾਏ ਹਨ ਜਿੰਨ੍ਹਾ ਨੂੰਗੀਤਕਾਰ, ਹਰਮਨਜੀਤ ਤੇ ਰਾਜੂ ਵਰਮਾ ਨੇ ਲਿਖਿਆ ਹੈ।ਇਸ ਫ਼ਿਲਮ ਵਿਚਲੇ ਹੈਰਤ-ਅੰਗੇਜ਼ ਦ੍ਰਿਸ਼ਾਂ ਨੂੰ ਕੈਮਰਾਮੈਨ



ਬਰਿੰਦਰ ਸਿੱਧੂ ਨਾ ਫ਼ਿਲਮਾਇਆ ਹੈ। ਇਸ ਫ਼ਿਲਮ ਦੇਸਹਾਇਕ ਨਿਰਮਾਤਾ ਬਿਕਰਮ ਗਿੱਲ ਹਨ। ਪਰਿਵਾਰਕ ਡਰਾਮਾ, ਹੌਰਰ ਅਤੇ ਡਬਲਡੋਜ ਕਾਮੇਡੀ ਵਾਲੀ ਮਨੋਰੰਜਨ ਭਰਪੂਰ 'ਪੰਜਾਬੀ ਫ਼ਿਲਮ 'ਬੂ ਮੈਂ ਡਰ ਗਈ' 1 ਮਾਰਚ ਨੂੰ ਸਿਨੇਮਾ ਘਰਾਂ ਦੇਖਣ ਨੂੰ ਮਿਲੇਗੀ।

ਹਰਜਿੰਦਰ ਸਿੰਘ ਜਵੰਦਾ
9463828000


MANAK
SOLICITORS
Jasdeep Singh Jandu
Conveyancing Director
Jas heads up our Property department and has developed a following of regular clients due to his calm nature, professional attitude and his practical knowledge of the areas in which he specialises.
Gravesend | Orpington | Sevenoaks | London
manaksolicitors.co.uk
0800 634 9726
Google
4.9/5 CUSTOMER REVIEWS
Lexcel
Legal Practice Quality Mark
Law Society Accredited
Rajbir Singh Manak MA (Hons)
Surinder Singh Manak LLB (Hons)

# ਭਾਰਤੀ ਹਾਈਕਮਿਸ਼ਨ ਲੰਡਨ ਅਤੇ ਪੰਜਾਬੀ ਭਾਸ਼ਾ ਚੇਤਨਾ ਬੋਰਡ ਦੇ ਸਾਂਝੇ ਯਤਨਾਂ ਸਦਕਾ ਇੰਡੀਆ ਹਾਊਸ ਵਿਖੇ ਮਾਂ ਬੋਲੀ ਦਿਵਸ ਸਬੰਧੀ ਵਿਸ਼ੇਸ਼ ਸਮਾਗਮ ਕਰਵਾਇਆ ਗਿਆ

## ਪੰਜਾਬੀ ਭਾਸ਼ਾ ਚੇਤਨਾ ਬੋਰਡ ਦੇ ਡਾਇਰੈਕਟਰ ਹਰਮੀਤ ਸਿੰਘ ਭੱਕਨਾ ਨੇ ਯੂ ਕੇ ਸਰਕਾਰ ਨਾਲ ਕੀਤੇ ਸਮੇਂ ਤੋਂ ਸਕੂਲਾਂ ਵਿੱਚ ਪੰਜਾਬੀ ਸਮੇਤ ਭਾਰਤੀ ਭਾਸ਼ਾਵਾਂ ਨੂੰ ਵਿਸ਼ੇ ਦੇ ਤੌਰ ਤੇ ਪੜ੍ਹਾਉਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਚਾਨਣਾ ਪਾਇਆ



ਡਿਪਟੀ ਹਾਈਕਮਿਸ਼ਨਰ ਸੁਜੀਤ ਘੋਸ਼ ਅਤੇ ਮੁੱਖ ਪ੍ਰਬੰਧ ਦੀਪਕ ਚੌਧਰੀ, ਸ: ਹਰਮੀਤ ਸਿੰਘ ਭੱਕਨਾ, ਸ਼ਿਵ ਕਾਂਤ ਸ਼ਰਮਾਂ, ਗੁਰਚਰਨ ਸਿੰਘ ਮੇਡਨਹੈੱਡ ਆਦਿ ਸੰਬੋਧਨ ਕਰਦੇ ਹੋਏ



ਹਰਮੀਤ ਸਿੰਘ ਭਕਨਾ

ਜਾਰੀ ਕਰਤਾ : ਸ: ਹਰਮੀਤ ਸਿੰਘ ਭਕਨਾ, ਡਾਇਰੈਕਟਰ ਪੰਜਾਬੀ ਭਾਸ਼ਾ ਚੇਤਨਾ ਬੋਰਡ ਯੂ ਕੇ

S. Harmeet Singh Bhakna, Director

**Panjabi Language Awareness Board UK**

Registration Number 09819756 in England & Wales

25 Birmingham Road, Albion Office No. 6, West Bromwich, B70 6RR

Mobile & WhatsApp: 07810 504295

Email: info@panjabi2021.co.uk • www.panjabi2021.co.uk

Panjab Times is Published by Panjab Times Trust, Bridle Gate Lane, Derby, DE24 0QW (U.K.) Tel: (01332) 372851. Editor M.S. Purewal. Registered as a newspaper with G.P.O.